ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 12 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੭ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਅਨੁਸਾਰ ਅਕਾਲੀ ਦਲ ਹੋ ਸਕਦੈ ਇਕ ! ਚੰਦੂਮਾਜਰਾ ਦਾ ਵੱਡਾ ਬਿਆਨ

**ਚੰਡੀਗੜ੍ਹ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਾਡੀ ਵਿਅਕਤੀ ਵਿਸ਼ੇਸ਼ ਨਾਲ ਕੋਈ ਰੰਜਿਸ਼ ਨਹੀਂ, 02 ਦਸੰਬਰ ਦੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮੇ ਅਨੁਸਾਰ ਅਕਾਲੀ ਦਲ ਇੱਕਜੁੱਟ ਹੋ ਸਕਦੈ। ਇਸ ਗੱਲ ਦਾ ਪ੍ਰਗਟਾਵਾ ਅਕਾਲੀ ਦਲ (ਪੁਨਰ ਸੁਰਜੀਤ) ਦੇ ਆਗੂ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਹਲਕੇ ਦੇ ਦੌਰੇ ਦੌਰਾਨ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਚਾਇਤ, ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲੋਕਤੰਤਰ ਦੀ ਨੀਂਹ ਹਨ, ਪਰ ਸਿਆਸੀ ਪਾਰਟੀਆਂ ਆਪਣੇ ਚੋਣ ਨਿਸ਼ਾਨ 'ਤੇ ਚੋਣਾਂ ਲੜਾ ਕੇ ਆਪਣੇ ਵਰਕਰਾਂ ਸਥਾਨਕ ਆਗੂਆਂ ਨੂੰ ਬੰਦੂਆ ਬਣਾ ਲੈਂਦੀਆਂ ਹਨ, ਜਦੋਂ ਕਿ ਚਾਹੀਦਾ ਇਹ ਹੈ ਕਿ ਉਕਤ ਚੋਣਾਂ ਆਜ਼ਾਦ ਤੌਰ 'ਤੇ ਲੜੀਆਂ ਜਾਣ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਵੋਟਾਂ ਸਮੇਂ ਨਾਮਜ਼ਦਗੀ ਪੱਤਰ ਭਰਨ ਤੋਂ ਲੈ ਕੇ ਹੁਣ ਤੱਕ ਸਰਕਾਰ ਲੋਕਤੰਤਰ ਦਾ ਘਾਣ ਕਰ ਰਹੀ ਹੈ ਅਤੇ ਧੱਕੇ ਨਾਲ ਚੋਣਾਂ ਜਿੱਤਣਾ ਚਾਹੁੰਦੀ ਹੈ, ਪਰ "ਆਪ" ਵਾਲਿਆਂ ਨੂੰ ਸਮਝਣਾ ਚਾਹੀਦਾ ਕਿ ਇਹ ਲੋਕਤੰਤਰ ਲਈ ਖਤਰਨਾਕ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪੰਜਾਬ ਦੇ ਖਜ਼ਾਨੇ ਨੂੰ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਐਸ਼ੋਪ੍ਰਸਤ ਅਤੇ ਆਪਣੀ ਪਬਲਿਸਿਟੀ 'ਤੇ ਹੀ ਖਰਚ ਕਰ ਦਿੱਤਾ, ਜਦੋਂ ਕਿ ਗਰੀਬ ਲੋਕਾਂ, ਮਹਿਲਾਵਾਂ ਨੂੰ ਕੋਈ ਸਹੂਲਤਾਂ ਨਹੀਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਕੇਜਰੀਵਾਲ ਐਂਡ ਪਾਰਟੀ ਐਂਡ ਪਾਰਟੀ ਨੂੰ ਖ਼ੁਸ਼ ਕਰਨ ਲਈ ਉਨ੍ਹਾਂ ਦੇ ਖਰਚਿਆਂ ਵਾਸਤੇ ਬਿਜਲੀ ਬੋਰਡ, ਪੰਚਾਇਤ ਜ਼ਮੀਨਾਂ ਨੂੰ ਵੇਚਣ ਦੀ ਤਿਆਰੀ ਕਰ ਰਹੇ ਹਨ।

## ਰਾਜਸਥਾਨ ਦੇ ਹਨੂੰਮਾਨਗੜ੍ਹ 'ਚ ਕਿਉਂ ਹੋਇਆ ਇੰਨਾ ਵੱਡਾ ਹੰਗਾਮਾ ?

# ਕਾਰਾਂ ਨੂੰ ਲਗਾ ਦਿੱਤੀ ਅੱਗ, ਢਾਹ ਦਿੱਤੀ ਫੈਕਟਰੀ, ਭੜਕੇ ਕਿਸਾਨ

**ਹਨੂੰਮਾਨਗੜ੍ਹ (ਰਾਜਸਥਾਨ), 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਰਾਜਸਥਾਨ ਦੇ ਹਨੂੰਮਾਨਗੜ੍ਹ ਦੇ ਟਿੱਬੀ ਇਲਾਕੇ ਵਿੱਚ ਇੱਕ ਈਥਾਨੌਲ ਫੈਕਟਰੀ ਦੇ ਨਿਰਮਾਣ ਵਿਰੁੱਧ ਕਿਸਾਨਾਂ ਦਾ ਵਿਰੋਧ ਬੁੱਧਵਾਰ ਨੂੰ ਹਿੰਸਕ ਹੋ ਗਿਆ। ਰਾਠੀਖੇੜਾ ਪਿੰਡ ਵਿੱਚ ਨਿਰਮਾਣ ਅਧੀਨ ਡੂਨ ਈਥਾਨੌਲ ਪ੍ਰਾਈਵੇਟ ਲਿਮਟਿਡ ਪਲਾਂਟ ਦੀ ਕੰਧ ਟੁੱਟਣ ਤੋਂ ਬਾਅਦ ਸਥਿਤੀ ਅਚਾਨਕ ਵਿਗੜ ਗਈ। ਇਸ ਕਾਰਨ ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿਚਕਾਰ ਭਾਰੀ ਪੱਥਰਬਾਜ਼ੀ ਅਤੇ ਅੱਗਜ਼ਨੀ ਹੋਈ। ਜਦੋਂ ਸਥਿਤੀ ਕਾਬੂ ਤੋਂ ਬਾਹਰ ਹੋ ਗਈ ਤਾਂ ਪੁਲਿਸ ਨੇ ਲਾਠੀਚਾਰਜ ਕੀਤਾ ਅਤੇ ਅੱਥਰੂ ਗੈਸ ਦੇ ਗੋਲੇ ਵੀ ਛੱਡੇ। ਝੜਪ ਵਿੱਚ ਕਾਂਗਰਸ ਵਿਧਾਇਕ ਅਭਿਮਨਿਊ ਪੂਨੀਆ ਸਮੇਤ 50 ਤੋਂ ਵੱਧ ਲੋਕ ਜ਼ਖਮੀ ਹੋ ਗਏ। ਗੁੱਸੇ ਵਿੱਚ ਆਏ ਕਿਸਾਨਾਂ ਨੇ 14 ਵਾਹਨਾਂ ਨੂੰ ਅੱਗ ਲਗਾ ਦਿੱਤੀ।



ਦੱਸ ਦਈਏ ਕਿ ਸਥਿਤੀ ਨੂੰ ਦੇਖਦੇ ਹੋਏ, ਟਿੱਬੀ ਸ਼ਹਿਰ ਅਤੇ ਆਲੇ-ਦੁਆਲੇ ਦੇ ਪਿੰਡਾਂ ਵਿੱਚ ਇੰਟਰਨੈੱਟ ਸੇਵਾ ਮੁਅੱਤਲ ਕਰ ਦਿੱਤੀ ਗਈ ਹੈ। ਇਲਾਕੇ ਵਿੱਚ ਧਾਰਾ 144 ਲਾਗੂ ਹੈ, ਅਤੇ ਸਕੂਲ ਅਤੇ ਕਾਲਜ ਬੰਦ ਹਨ। ਹਾਲਾਂਕਿ ਵੀਰਵਾਰ ਸਵੇਰੇ ਸਥਿਤੀ ਆਮ ਦਿਖਾਈ ਦੇ ਰਹੀ ਹੈ, ਸ਼ਹਿਰ ਦੇ ਬਾਹਰ ਟਿੱਬੀ ਚੌਰਾਹੇ 'ਤੇ ਬੈਰੀਕੇਡ ਲਗਾਏ ਗਏ ਸਨ, ਪਰ ਕੋਈ ਵੀ ਪੁਲਿਸ ਕਰਮਚਾਰੀ ਮੌਕੇ 'ਤੇ ਨਹੀਂ ਦਿਖਾਈ ਦਿੱਤਾ। ਪ੍ਰਸ਼ਾਸਨ ਇਲਾਕੇ ਵਿੱਚ ਨਿਰੰਤਰ ਨਿਗਰਾਨੀ ਰੱਖ ਰਿਹਾ ਹੈ। ਰਾਠੀਖੇੜਾ ਵਿੱਚ ਇੱਕ 40-ਮੈਗਾਵਾਟ ਅਨਾਜ-ਅਧਾਰਤ ਈਥਾਨੌਲ ਪਲਾਂਟ ਬਣਾਇਆ ਜਾ ਰਿਹਾ ਹੈ। ਚੰਡੀਗੜ੍ਹ ਸਥਿਤ ਡਿਊਨ ਈਥਾਨੌਲ ਪ੍ਰਾਈਵੇਟ ਲਿਮਟਿਡ ਦਾ ਦਾਅਵਾ ਹੈ ਕਿ ਇਹ ਪ੍ਰੋਜੈਕਟ ਕੇਂਦਰ ਸਰਕਾਰ ਦੇ ਈਥਾਨੌਲ ਬਲੈਂਡਡ ਪੈਟਰੋਲ ਪ੍ਰੋਗਰਾਮ ਦਾ ਸਮਰਥਨ ਕਰੇਗਾ। ਹਾਲਾਂਕਿ, ਪਲਾਂਟ ਦੀ ਵਾਤਾਵਰਣ ਪ੍ਰਵਾਨਗੀ ਅਰਜ਼ੀ 2022 ਤੱਕ ਲੰਬਿਤ ਹੈ। ਕਿਸਾਨ ਵਿਰੋਧ ਕਰ ਰਹੇ ਹਨ, ਜਿਸ 'ਤੇ ਉਹ ਇਲਜ਼ਾਮ ਲਗਾ ਰਹੇ ਹਨ ਕਿ ਨਿਰਮਾਣ ਵਾਤਾਵਰਣ ਪ੍ਰਵਾਨਗੀ ਤੋਂ ਬਿਨਾਂ ਕੀਤਾ ਜਾ ਰਿਹਾ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਵਾਤਾਵਰਣ ਪ੍ਰਭਾਵ, ਪ੍ਰਦੂਸ਼ਣ ਅਤੇ ਭੂਮੀਗਤ ਪਾਣੀ ਦੇ ਪ੍ਰਭਾਵਾਂ ਬਾਰੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ।

## ਗੋਲੀਆਂ ਦੇ ਨਾਲ ਦਹਿਲਿਆ ਅਬੋਹਰ, ਕੋਰਟ ਕੰਪਲੈਕਸ 'ਚ ਹੋਈ ਗੈਂਗਵਾਰ, ਪੇਸ਼ੀ 'ਤੇ ਆਏ ਨੌਜਵਾਨ ਦਾ ਹੋਇਆ ਕਤਲ, ਮੱਚਿਆ ਹੜਕੰਪ

**ਅਬੋਹਰ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਬੋਹਰ ਤੋਂ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਜਿੱਥੇ ਕੋਰਟ ਕੰਪਲੈਕਸ ਦੀ ਪਾਰਕਿੰਗ ਵਿੱਚ ਵੀਰਵਾਰ ਯਾਨੀਕਿ ਅੱਜ ਸਵੇਰੇ ਅਣਪਛਾਤੇ ਹਮਲਾਵਰਾਂ ਨੇ ਗੋਲੀਆਂ ਚਲਾ ਦਿੱਤੀਆਂ। ਇਸ ਫਾਇਰਿੰਗ ਵਿੱਚ ਆਕਾਸ਼ ਉਰਫ਼ ਗੋਲੂ ਪੰਡਿਤ ਨਾਮਕ ਨੌਜਵਾਨ ਦੀ ਮੌਤ ਹੋ ਗਈ। ਗੋਲੀ ਦੀ ਆਵਾਜ਼ ਨਾਲ ਮੌਕੇ 'ਤੇ ਹੜਕੰਪ ਮਚ ਗਿਆ। ਜਾਣਕਾਰੀ ਮਿਲਦੇ ਹੀ ਪੁਲਿਸ ਫੌਰੀ ਤੌਰ 'ਤੇ ਤਹਿਸੀਲ ਪਰਿਸਰ 'ਚ ਪਹੁੰਚੀ ਤੇ ਜਾਂਚ ਸ਼ੁਰੂ ਕਰ ਦਿੱਤੀ। ਮਿਲੀ ਜਾਣਕਾਰੀ ਮੁਤਾਬਕ ਆਕਾਸ਼ ਆਪਣੇ ਦੋ ਸਾਥੀਆਂ ਦੇ ਨਾਲ ਅਦਾਲਤ ਵਿੱਚ ਪੇਸ਼ੀ ਲਈ ਆਇਆ ਹੋਇਆ ਸੀ। ਇਸ ਦੌਰਾਨ ਦੋ ਹਮਲਾਵਰਾਂ ਨੇ ਅਚਾਨਕ ਉਸ 'ਤੇ ਗੋਲੀਆਂ ਚਲਾ ਦਿੱਤੀਆਂ। ਦੱਸਿਆ ਜਾ ਰਿਹਾ ਹੈ ਕਿ ਕਈ ਰਾਊਂਡ ਫਾਇਰਿੰਗ ਹੋਈ ਅਤੇ ਆਕਾਸ਼ ਨੂੰ ਤਿੰਨ ਤੋਂ ਚਾਰ ਗੋਲੀਆਂ ਲੱਗੀਆਂ। ਜ਼ਖਮੀ ਹਾਲਤ ਵਿੱਚ ਉਸਨੂੰ ਅਬੋਹਰ ਦੇ ਸਰਕਾਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਘਟਨਾ ਦੀ ਜਾਣਕਾਰੀ ਮਿਲਦੇ ਹੀ ਐੱਸ.ਐੱਸ.ਪੀ. ਗੁਰਮੀਤ ਸਿੰਘ, ਐੱਸ.ਪੀ. (ਡੀ) ਸਮੇਤ ਭਾਰੀ ਪੁਲਿਸ ਫੋਰਸ ਮੌਕੇ 'ਤੇ ਪਹੁੰਚ ਗਈ ਅਤੇ ਜਾਂਚ ਸ਼ੁਰੂ ਕਰ ਦਿੱਤੀ। ਐੱਸ.ਐੱਸ.ਪੀ. ਨੇ ਸ਼ੁਰੂਆਤੀ ਜਾਂਚ ਦੇ ਆਧਾਰ 'ਤੇ ਇਸ ਨੂੰ ਗੈਂਗਵਾਰ ਦੱਸਿਆ। ਉਨ੍ਹਾਂ ਨੇ ਕਿਹਾ ਕਿ ਮ੍ਰਿਤਕ ਅਤੇ ਹਮਲਾਵਰ ਦੋਹਾਂ ਪੱਖਾਂ ਖਿਲਾਫ ਪਹਿਲਾਂ ਹੀ ਕਈ ਅਪਰਾਧਿਕ ਮਾਮਲੇ ਦਰਜ ਹਨ ਅਤੇ ਇਹ ਹਮਲਾ ਇੱਕ ਪੁਰਾਣੀ ਰੰਜਿਸ਼ ਦਾ ਨਤੀਜਾ ਲੱਗਦਾ ਹੈ। ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਦਾਅਵਾ ਕੀਤਾ ਕਿ ਹਮਲਾਵਰਾਂ ਦੀ ਪਹਿਚਾਣ ਕਰ ਲਈ ਗਈ ਹੈ ਅਤੇ ਜਲਦੀ ਹੀ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਪੁਲਿਸ ਸਥਿਤੀ 'ਤੇ ਪੂਰੀ ਨਿਗਰਾਨੀ ਕਰ ਰਹੀ ਹੈ ਅਤੇ ਕਿਸੇ ਵੀ ਕਿਸਮ ਦਾ ਤਣਾਅ ਫੈਲਣ ਨਹੀਂ ਦਿੱਤਾ ਜਾਵੇਗਾ। ਘਟਨਾ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੁਲਿਸ ਨੇ ਤਹਿਸੀਲ ਪਰਿਸਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸੁਰੱਖਿਆ ਵਧਾ ਦਿੱਤੀ ਹੈ। ਜਾਂਚ ਜਾਰੀ ਕਰ ਦਿੱਤੀ ਗਈ ਅਤੇ ਕੋਰਟ ਅਤੇ ਆਲੇ-ਦੁਆਲੇ ਦੇ ਇਲਾਕਿਆਂ ਦੇ ਸੀਸੀਟੀਵੀ ਫੁਟੇਜ਼ ਨੂੰ ਖੰਗਾਲੇ ਜਾ ਰਹੇ ਹਨ।

## ਅੰਤ੍ਰਿੰਗ ਕਮੇਟੀ ਨੇ 328 ਪਾਵਨ ਸਰੂਪਾਂ ਦਾ ਮਾਮਲਾ ਵਿਚਾਰ ਅਤੇ ਆਦੇਸ਼ ਲਈ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਭੇਜਣ ਦਾ ਕੀਤਾ ਫੈਸਲਾ

**ਅੰਮ੍ਰਿਤਸਰ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅੱਜ ਹੋਈ ਅੰਤ੍ਰਿੰਗ ਕਮੇਟੀ ਦੀ ਵਿਸ਼ੇਸ਼ ਇਕੱਤਰਤਾ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਾਮਲੇ 'ਚ ਸਰਕਾਰ ਵੱਲੋਂ ਪਰਚਾ ਦਰਜ ਕਰਨ ਦੀ ਕਾਰਵਾਈ ਨੂੰ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਿੱਧੀ ਚੁਣੌਤੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕੀ ਅਧਿਕਾਰਾਂ ਵਿਚ ਸਰਕਾਰੀ ਦਖਲਅੰਦਾਜ਼ੀ ਕਰਾਰ ਦਿੱਤਾ ਹੈ। ਇਕੱਤਰਤਾ ਵਿਚ ਪਾਸ ਕੀਤੇ ਗਏ ਮਤੇ ਬਾਰੇ ਜਾਣਕਾਰੀ ਦਿੰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪਾਵਨ ਸਰੂਪਾਂ ਦੇ ਮਾਮਲੇ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਕਾਰਵਾਈ ਮੁਕੰਮਲ ਕੀਤੀ ਜਾ ਚੁੱਕੀ ਹੋਣ ਦੇ ਬਾਵਜੂਦ ਵੀ ਲੰਘੇ ਦਿਨੀਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਵਿਰਾਸਤੀ ਮਾਰਗ 'ਤੇ ਕੁਝ ਲੋਕਾਂ ਵੱਲੋਂ ਲਗਾਏ ਗਏ ਧਰਨੇ ਵਿਚ ਸਰਕਾਰ ਦੇ ਮੰਤਰੀ, ਸਪੀਕਰ ਅਤੇ ਵਿਧਾਇਕ ਵੱਲੋਂ ਸ਼ਮੂਲੀਅਤ ਕਰਨੀ ਤੇ ਪੁਲਿਸ ਨੂੰ ਪਰਚਾ ਦਰਜ ਕਰਨ ਦੇ ਆਦੇਸ਼ ਦੇਣ ਤੋਂ ਸਪੱਸ਼ਟ ਹੈ ਕਿ ਸਰਕਾਰ ਜਾਣਬੁਝ ਕੇ ਇਸ ਮਾਮਲੇ ਵਿਚ ਆਪਣੀ ਸਿਆਸਤ ਸਾਧ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦਾ ਮਾਮਲਾ ਬੇਅਦਬੀ ਜਾਂ ਪਾਵਨ ਸਰੂਪ ਗੁੰਮ ਹੋਣ ਦਾ ਨਹੀਂ ਸਗੋਂ ਕੁਝ ਮੁਲਾਜ਼ਮਾਂ ਵੱਲੋਂ ਪੈਸਿਆਂ ਦੀ ਕੀਤੀ ਹੇਰਾਫੇਰੀ ਦਾ ਹੈ। ਇਸ ਮਾਮਲੇ ਨੂੰ ਬੇਅਦਬੀ ਅਤੇ ਪਾਵਨ ਸਰੂਪ ਗੁੰਮ ਹੋਣ ਵਜੋਂ ਪ੍ਰਚਾਰਨਾਂ ਸਿੱਖ ਕੌਮ ਦੀ ਸਿਰਮੌਰ ਸੰਸਥਾ ਨੂੰ ਬਦਨਾਮ ਕਰਨ ਅਤੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਦੀ ਸਿਆਸੀ ਸਾਜ਼ਿਸ਼ ਹੈ, ਜਿਸ ਵਿਚ ਪੰਜਾਬ ਦੀ ਮੌਜੂਦਾ ਸਰਕਾਰ ਵੀ ਪੂਰੀ ਤਰ੍ਹਾਂ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਡਾ. ਈਸ਼ਰ ਸਿੰਘ ਐਡਵੋਕੇਟ ਦੀ ਅਗਵਾਈ ਹੇਠ ਬਣਾਈ ਜਾਂਚ ਕਮੇਟੀ ਨੇ ਆਪਣੀ ਰਿਪੋਰਟ ਵਿੱਚ ਸਾਫ਼ ਕੀਤਾ ਹੈ ਕਿ ਸ਼੍ਰੋਮਣੀ ਕਮੇਟੀ ਦੇ ਪਬਲੀਕੇਸ਼ਨ ਵਿਭਾਗ ਵਿਚ ਕੰਮ ਕਰਦੇ ਕੁਝ ਮੁਲਾਜ਼ਮਾਂ ਨੇ ਨਿੱਜੀ ਲਾਲਸਾ ਕਰਕੇ ਆਪਣੇ ਕੁਕਰਮਾਂ ਉੱਪਰ ਪਰਦਾ ਪਾਉਣ ਦੀ ਅਸਫਲ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਬਣਾਈ ਕਮੇਟੀ ਦੀ ਰਿਪੋਰਟ ਅਨੁਸਾਰ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ 466, ਮਿਤੀ 27-08-2020 ਰਾਹੀਂ ਕਾਰਵਾਈ ਕੀਤੀ ਗਈ ਅਤੇ ਕੁਝ ਮੁਲਾਜ਼ਮਾਂ 'ਤੇ ਕਾਨੂੰਨੀ ਕਾਰਵਾਈ ਦਾ ਵੀ ਫੈਸਲਾ ਹੋਇਆ। ਪਰੰਤੂ ਵੱਖ ਵੱਖ ਸਿੱਖ ਵਿਦਵਾਨਾਂ ਦੇ ਕਹਿਣ ਅਤੇ ਡਾ. ਈਸ਼ਰ ਸਿੰਘ ਦੀ ਰਿਪੋਰਟ ਵਿਚ ਪਰਚੇ ਦਰਜ ਕਰਵਾਉਣ ਬਾਰੇ ਕੋਈ ਸਿਫਾਰਸ਼ ਨਾ ਹੋਣ ਕਰਕੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੇ ਮਤਾ ਨੰਬਰ 493 ਮਿਤੀ 05-09-2020 ਰਾਹੀਂ ਕਾਨੂੰਨੀ ਕਾਰਵਾਈ ਦੀ ਥਾਂ ਆਪਣੇ ਤੌਰ ਪੁਰ ਕਾਰਵਾਈ ਨੂੰ ਪ੍ਰਵਾਨਗੀ ਦਿੱਤੀ ਗਈ। ਇਹ ਇਸ ਲਈ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਪੜਤਾਲ ਵਿਚ ਪੁਲਿਸ ਦੀ ਦਖਲਅੰਦਾਜ਼ੀ ਮਰਿਆਦਾ ਅਤੇ ਪ੍ਰੰਪਰਾਵਾਂ ਦੇ ਵਿਰੁੱਧ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਦੋਹਾਂ ਮਤਿਆਂ ਦੀ ਪ੍ਰੋੜ੍ਹਤਾ ਵੀ ਜਨਰਲ ਇਜਲਾਸ ਦੇ ਮਤਾ ਨੰ: 366, ਮਿਤੀ 28-02-2020 ਰਾਹੀਂ ਹੋ ਚੁੱਕੀ ਹੈ।



ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਹੁਣ ਸਰਕਾਰ ਵੱਲੋਂ ਇਸ ਮਾਮਲੇ ਵਿਚ ਐਫ.ਆਈ.ਆਰ. ਦਰਜ ਕਰਨ ਦਾ ਫੈਸਲਾ ਆਪਣੀਆਂ ਪੰਜਾਬ ਪ੍ਰਤੀ ਨਾਕਾਮੀਆਂ ਨੂੰ ਛੁਪਾਉਣ ਅਤੇ ਸਿਆਸੀ ਇੱਛਾ ਦੀ ਪੂਰਤੀ ਲਈ ਹੈ, ਕਿਉਂਕਿ ਬੇਅਦਬੀਆਂ 'ਤੇ ਸਿਆਸਤ ਕਰਕੇ ਸੱਤਾ ਹਾਸਲ ਕਰਨ ਵਾਲੇ ਚਾਰ ਸਾਲ ਬੀਤਣ ਬਾਅਦ ਵੀ ਕੋਈ ਇਨਸਾਫ਼ ਨਹੀਂ ਕਰ ਸਕੇ। ਉਨ੍ਹਾਂ ਦੱਸਿਆ ਕਿ ਅੱਜ ਦੀ ਇਕੱਤਰਤਾ 'ਚ ਪਾਸ ਕੀਤੇ ਮਤੇ ਰਾਹੀਂ ਸਰਕਾਰ ਵੱਲੋਂ ਸਿੱਖ ਸੰਸਥਾ ਦੇ ਪ੍ਰਬੰਧਾਂ ਨੂੰ ਬਦਨਾਮ ਕਰਨ ਦੀ ਨੀਤੀ ਦੀ ਸਖ਼ਤ ਨਿੰਦਾ ਕਰਦਿਆਂ, ਅਗਾਹ ਕੀਤਾ ਗਿਆ ਹੈ ਕਿ ਸਿੱਖ ਕੌਮ ਆਪਣੀਆਂ ਸੰਸਥਾਵਾਂ ਦੇ ਪ੍ਰਬੰਧਾਂ ਵਿਚ ਸਰਕਾਰੀ ਦਖਲ ਨੂੰ ਕਦੇ ਵੀ ਪ੍ਰਵਾਨ ਨਹੀਂ ਕਰੇਗੀ। ਐਡਵੋਕੇਟ ਧਾਮੀ ਨੇ ਕਿਹਾ ਕਿ ਇਕੱਤਰਤਾ ਵਿਚ ਇਹ ਵੀ ਪ੍ਰਵਾਨ ਹੋਇਆ ਕਿ ਇਸ ਸਾਰੇ ਮਾਮਲੇ ਸਬੰਧੀ ਕਿਉਂਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਵਿਚ ਡਾ. ਈਸ਼ਰ ਸਿੰਘ ਦੇ ਜਾਂਚ ਕਮਿਸ਼ਨ ਦੀ ਰਿਪੋਰਟ ਅਨੁਸਾਰ ਕਾਰਵਾਈ ਅਮਲ ਵਿਚ ਲਿਆਂਦੀ ਗਈ ਸੀ, ਇਸ ਲਈ ਸਮੁੱਚਾ ਮਾਮਲਾ ਵਿਚਾਰ ਅਤੇ ਆਦੇਸ਼ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਪਾਸ ਭੇਜਿਆ ਜਾਵੇਗਾ। ਇਕ ਸਵਾਲ ਦੇ ਜਵਾਬ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 1999 ਵਿਚ ਅੰਗਰੇਜ਼ੀ ਕਿਤਾਬ ਦਾ ਅਨੁਵਾਦ ਕਰਕੇ ਛਾਪੀ 'ਸਿੱਖ ਇਤਿਹਾਸ' ਸਬੰਧੀ ਹਿੰਦੀ ਦੀ ਪੁਸਤਕ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਬੈਨ ਕਰਦਿਆਂ ਵਾਪਸ ਲਿਆ ਜਾ ਚੁੱਕਾ ਹੈ ਅਤੇ ਇਸ ਸਬੰਧੀ ਵੱਖ-ਵੱਖ ਸਮੇਂ 'ਤੇ ਦੋ ਵਾਰ ਅਖ਼ਬਾਰਾਂ ਵਿਚ ਇਸ਼ਤਿਹਾਰ ਵੀ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਬਾਰ-ਬਾਰ ਉਛਾਲਣਾ ਵੀ ਸਿਆਸੀ ਹਿੱਤਾਂ ਦੀ ਪੂਰਤੀ ਲਈ ਹੀ ਹੈ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਇੰਚਾਰਜ ਸ. ਮੇਜਰ ਸਿੰਘ, ਸ. ਅਜ਼ਾਦਦੀਪ ਸਿੰਘ ਆਦਿ ਸ਼ਾਮਲ ਹਨ।

## ਐਮ. ਪੀ. ਵਿਕਰਮ ਸਾਹਨੀ ਨੇ ਚੁੱਕਿਆ ਬੰਦੀ ਸਿੱਖਾਂ ਦੀ ਰਿਹਾਈ ਦਾ ਮੁੱਦਾ, ਰਾਸ਼ਟਰ ਨਿਰਮਾਣ 'ਚ ਸਿੱਖਾਂ ਦੇ ਯੋਗਦਾਨ ਨੂੰ ਦੁਹਰਾਇਆ

**ਨਵੀਂ ਦਿੱਲੀ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੋਂ ਰਾਜ ਸਭਾ ਦੇ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਮਨੁੱਖੀ ਅਧਿਕਾਰ ਦਿਵਸ ਦੇ ਮੌਕੇ 'ਤੇ ਬੰਦੀ ਸਿੱਖਾਂ ਦੀ ਰਿਹਾਈ ਦੀ ਆਪਣੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਦੁਹਰਾਇਆ। ਡਾ. ਸਾਹਨੀ ਨੇ ਕਿਹਾ ਕਿ ਉਨ੍ਹਾਂ ਵਿੱਚੋਂ ਬਹੁਤ ਸਾਰੇ 30 ਸਾਲਾਂ ਤੋਂ ਵੱਧ ਕੈਦ ਕੱਟ ਚੁੱਕੇ ਹਨ ਅਤੇ ਇੱਥੋਂ ਤੱਕ ਕਿ ਉਨ੍ਹਾਂ ਦੇ ਮਰ ਰਹੇ ਮਾਪਿਆਂ ਨੂੰ ਮਿਲਣ ਲਈ ਪੈਰੋਲ ਵੀ ਵਾਰ-ਵਾਰ ਰੱਦ ਕਰ ਦਿੱਤੀ ਗਈ ਹੈ, ਹਾਲਾਂਕਿ ਹਰਿਆਣਾ ਸਰਕਾਰ ਰਾਹੀਂ ਸਪੱਸ਼ਟ ਮਿਸਾਲ ਕਾਇਮ ਕੀਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਵਿੰਦਰ ਪਾਲ ਸਿੰਘ ਭੁੱਲਰ, ਜੋ ਤਿੰਨ ਦਹਾਕੇ ਜੇਲ੍ਹ ਵਿੱਚ ਬਿਤਾ ਚੁੱਕੇ ਹਨ ਅਤੇ ਮਾਨਸਿਕ ਤੌਰ 'ਤੇ ਬਿਮਾਰ ਹਨ, ਦੀ ਲੰਬਿਤ ਮੁਆਫ਼ੀ ਪਟੀਸ਼ਨ ਵੀ ਸਮੀਖਿਆ ਦੀ ਉਡੀਕ ਵਿੱਚ ਹੈ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਨਿਆਂ ਵਿੱਚ ਦੇਰੀ ਨਿਆਂ ਤੋਂ ਇਨਕਾਰ ਕਰਨ ਦੇ ਬਰਾਬਰ ਹੈ। ਬੰਦੀ ਸਿੱਖਾਂ ਦੀ ਰਿਹਾਈ ਉਨ੍ਹਾਂ ਦੀ ਦੁਖਦਾਈ ਲੰਬੀ ਕੈਦ ਨੂੰ ਖਤਮ ਕਰਨ ਦੀ ਭਾਵਨਾ ਰਾਹੀਂ ਸੇਧਿਤ ਹੋਣੀ ਚਾਹੀਦੀ ਹੈ। ਮਨੁੱਖੀ ਅਧਿਕਾਰ ਚੋਣਵੇਂ ਨਹੀਂ ਹੋ ਸਕਦੇ - ਉਹ ਸਰਵ ਵਿਆਪਕ, ਮਨੁੱਖੀ ਅਤੇ ਨਿਆਂਪੂਰਨ ਹੋਣੇ ਚਾਹੀਦੇ ਹਨ। ਵੰਦੇ ਮਾਤਰਮ ਦੇ 150 ਸਾਲਾ ਸਮਾਰੋਹ ਦੌਰਾਨ ਸੰਸਦ ਵਿੱਚ ਬੋਲਦੇ ਹੋਏ ਡਾ. ਸਾਹਨੀ ਨੇ ਜ਼ੋਰ ਦੇ ਕੇ ਕਿਹਾ ਕਿ ਸਿੱਖ ਭਾਈਚਾਰਾ ਹਮੇਸ਼ਾ ਭਾਰਤ ਦੇ ਸਨਮਾਨ ਅਤੇ ਏਕਤਾ ਦੀ ਰੱਖਿਆ ਵਿੱਚ ਸਭ ਤੋਂ ਅੱਗੇ ਰਿਹਾ ਹੈ। "ਆਜ਼ਾਦੀ ਸੰਘਰਸ਼ ਦੇ ਸ਼ਹੀਦਾਂ ਤੋਂ ਲੈ ਕੇ ਸਾਡੀਆਂ ਸਰਹੱਦਾਂ ਦੀ ਰਾਖੀ ਕਰਨ ਵਾਲੇ ਸਿਪਾਹੀਆਂ ਤੱਕ, ਸਿੱਖਾਂ ਨੇ ਕੁਰਬਾਨੀ ਅਤੇ ਸੇਵਾ ਰਾਹੀਂ ਵੰਦੇ ਮਾਤਰਮ ਦੀ ਭਾਵਨਾ ਨੂੰ ਜੀਇਆ ਹੈ। ਸਾਡੇ ਗੁਰੂਆਂ ਨੇ ਸਾਨੂੰ ਹਮੇਸ਼ਾ ਸਦਭਾਵਨਾ ਨੂੰ ਬਣਾਈ ਰੱਖਣ, ਨਫ਼ਰਤ ਨੂੰ ਰੱਦ ਕਰਨ ਅਤੇ ਕਮਜ਼ੋਰਾਂ ਦੀ ਰੱਖਿਆ ਕਰਨ ਦੀ ਸਿੱਖਿਆ ਦਿੱਤੀ ਹੈ। ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਸਿਰਫ਼ ਇੱਕ ਸੰਵਿਧਾਨਕ ਫਰਜ਼ ਨਹੀਂ ਹੈ, ਇਹ ਭਾਰਤ ਦੀ ਆਤਮਾ ਹੈ।"



# ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

# 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

**ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ**

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**


-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

**Contact : 07830202647 (Jarnail Singh Johal), 07976210161 (Raghbir Singh)**

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for **AWAZE QAUM** Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲਸਾ ਮੈਮੋਰੀਅਲ ਹਸਪਤਾਲ
ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN


WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com




SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway Crossing, Maqsudan
Jalandhar-144 008

**Contact :**
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'




## ਬ੍ਰਿਟਿਸ਼ ਕੋਲੰਬੀਆ ਦੀ ਵਿਧਾਨ ਸਭਾ ਦੇ ਸਪੀਕਰ ਸ੍ਰੀ ਰਾਜ ਚੌਹਾਨ ਪਰਿਵਾਰ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

# ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਕੀਤਾ ਸਨਮਾਨਿਤ





**ਅੰਮ੍ਰਿਤਸਰ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਬ੍ਰਿਟਿਸ਼ ਕੋਲੰਬੀਆ ਦੀ ਵਿਧਾਨ ਸਭਾ ਦੇ ਸਪੀਕਰ ਸ੍ਰੀ ਰਾਜ ਚੌਹਾਨ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਅਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸਨਮਾਨਿਤ ਕੀਤਾ।

ਇਸ ਮੌਕੇ ਗੱਲ ਕਰਦਿਆਂ ਸ੍ਰੀ ਰਾਜ ਚੌਹਾਨ ਨੇ ਕਿਹਾ ਕਿ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਮੌਕੇ ਸ਼ਾਮਲ ਹੋਣ ਲਈ ਸੱਦਾ ਮਿਲਿਆ ਸੀ, ਪਰੰਤੂ ਵਿਧਾਨ ਸਭਾ ਦਾ ਇਜਲਾਸ ਚੱਲ ਰਿਹਾ ਹੋਣ ਕਾਰਨ ਉਹ ਉਸ ਸਮੇਂ ਹਾਜ਼ਰ ਨਹੀਂ ਹੋ ਸਕੇ। ਉਨ੍ਹਾਂ ਕਿਹਾ ਕਿ ਉਹ ਅੱਜ ਆਪਣੇ ਪਰਿਵਾਰ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਅਤੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰਨ ਲਈ ਪੁੱਜੇ ਹਨ। ਉਨ੍ਹਾਂ ਕਿਹਾ ਕਿ ਇਹ ਪਾਵਨ ਅਸਥਾਨ ਸਮੁੱਚੀ ਮਾਨਵਤਾ ਲਈ ਅਧਿਆਤਮਕ ਦਾ ਸੋਮਾਂ ਹੈ, ਜਿਥੋਂ ਮਨੁੱਖਤਾ ਨੂੰ ਆਪਸੀ ਭਾਈਚਾਰੇ ਦੀ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਭੇਜੇ ਗਏ ਸੱਦਾ ਪੱਤਰ ਅਤੇ ਮਿਲੇ ਸਨਮਾਨ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਧੰਨਵਾਦ ਵੀ ਕੀਤਾ।

ਆਵਾਜ਼ਿ ਕੌਮ AWAZE QAUM
International Newspaper & WEB TV

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਸੂਚਨਾ ਅਧਿਕਾਰੀ ਸ. ਰਣਧੀਰ ਸਿੰਘ, ਕੈਨੇਡਾ ਨਿਵਾਸੀ ਸ. ਬਲਬੀਰ ਸਿੰਘ ਚੰਗਿਆੜਾ ਅਤੇ ਸ੍ਰੀ ਰਾਜ ਚੌਹਾਨ ਦੇ ਪਰਿਵਾਰਕ ਮੈਂਬਰ ਭਰਾ ਸ੍ਰੀ ਸੁਰਿੰਦਰਜੀਤ, ਪਤਨੀ ਸ੍ਰੀਮਤੀ ਇੰਦਰ ਚੌਹਾਨ ਅਤੇ ਬੇਟੀ ਅੰਮ੍ਰਿਤਾ ਚੌਹਾਨ ਆਦਿ ਮੌਜੂਦ ਸਨ।

**ਚੀਮਾ ਅਤੇ ਸੁੱਖੀ ਨੇ**

# ਹਰਜਿੰਦਰ ਸਿੰਘ ਕਾਂਝਲਾ ਦੇ ਹੱਕ ਵਿੱਚ ਕੀਤਾ ਚੋਣ ਪ੍ਰਚਾਰ






**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵਿੱਤ ਮੰਤਰੀ ਸ ਹਰਪਾਲ ਸਿੰਘ ਚੀਮਾ ਮੁੱਖ ਮੰਤਰੀ ਦੇ ਓਐਸਡੀ ਸੁਖਬੀਰ ਸਿੰਘ ਸੁੱਖੀ ਨੇ ਵੱਖ-ਵੱਖ ਪਿੰਡਾਂ ਦੇ ਵਿੱਚ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀਆਂ ਲੋਕ ਭਲਾਈ ਦੇ ਕੰਮਾਂ ਨੂੰ ਦੇਖਦਿਆਂ ਹੋਇਆਂ ਪੰਜਾਬ ਦੀਆਂ ਸਾਰੀਆਂ ਹੀ ਬਲਾਕ ਸੰਮਤੀਆਂ ਅਤੇ ਜਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ। ਰਾਜਵੰਤ ਸਿੰਘ ਘੁੱਲੀ ਦਫ਼ਤਰ ਇੰਚਾਰਜ ਮੁੱਖ ਮੰਤਰੀ ਧੂਰੀ, ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਜਸਵੀਰ ਸਿੰਘ ਜੱਸੀ ਸੇਖੋਂ, ਸਤਿੰਦਰ ਸਿੰਘ ਚੱਠਾ, ਪਰਮਜੀਤ ਸਿੰਘ ਕਾਂਝਲਾ, ਗੁਰਜੀਤ ਸਿੰਘ ਕਾਂਝਲਾ, ਰਣਯੋਧ ਸਿੰਘ ਕਾਂਝਲਾ, ਬਸੰਤ ਕਾਂਝਲਾ, ਸਾਬਕਾ ਸਰਪੰਚ ਅਮਨਦੀਪ ਸਿੰਘ ਕਾਂਝਲਾ, ਲਾਭ ਸਿੰਘ,ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਗੁਰਚਰਨ ਸਿੰਘ ਕਾਲਾ, ਐਡਵੋਕੇਟ ਹੈਪੀ ਗੋਇਲ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਕੁਲਦੀਪ ਸਿੰਘ ਬਾਲੀਆਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡਰੋਲੀ ਭਾਈ ਵਿਖੇ ਸਾਢੇ ਤ੍ਰੈ ਸ਼ਤਾਬਦੀ ਸ਼ਹੀਦੀ ਸਮਾਗਮ ਹੋਇਆ

ਫ਼ਿਰੋਜ਼ਪੁਰ, 11 ਦਸੰਬਰ (ਮਨੋਹਰ ਲਾਲ):— ਪੰਜਾਬ ਦੇ ਮੋਗਾ ਜ਼ਿਲ੍ਹੇ ਦੇ ਇਤਿਹਾਸਕ ਪਿੰਡ ਡਰੋਲੀ ਭਾਈ ਦੇ ਗੁਰਦੁਆਰਾ ਸਿਮਰਨਸਰ ਸਾਹਿਬ (ਪਵਿੱਤਰ ਇਤਿਹਾਸਕ) ਦੀਵਾਨ ਸਥਾਨ ਪਾਤਸ਼ਾਹੀ ਛੇਵੀਂ, ਸੱਤਵੀਂ, ਨੌਵੀਂ) ਵਿਖੇ ਸ੍ਰਿਸ਼ਟੀ ਦੀ ਚਾਦਰ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਤੇ ਉਨ੍ਹਾਂ ਦੇ ਪਿਆਰੇ ਗੁਰਸਿੱਖਾਂ ਭਾਈ ਸਤੀ ਦਾਸ, ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਦੇ 350 ਵੇਂ ਸਾਲ ਵਿਚ ਸਾਢੇ ਤ੍ਰੈ ਸ਼ਤਾਬਦੀ ਸ਼ਹੀਦੀ ਸਮਾਗਮ ਕਰਵਾਇਆ ਗਿਆ। ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਛਤਰ ਛਾਇਆ ਅਤੇ ਕਾਰ ਸੇਵਾ ਸੰਸਥਾ ਬੀੜ ਸਾਹਿਬ ਸ੍ਰੀਮਾਨ ਸੰਤ ਬਾਬਾ ਖੜਕ ਸਿੰਘ ਜੀ ਕੌਮੀ ਸ਼ਹੀਦ ਸੰਤ ਬਾਬਾ ਚਰਨ ਸਿੰਘ ਜੀ ਦੇ ਮੌਜੂਦਾ ਮੁਖੀ ਡਾ: ਸੰਤ ਬਾਬਾ ਗੁਰਨਾਮ ਸਿੰਘ ਜੀ ਡਰੋਲੀ ਭਾਈ ਕਾਰ ਸੇਵਾ ਵਾਲੇ ਤੇ ਸੇਵਾਦਾਰਾਂ ਦੀ ਦੇਖ×ਰੇਖ ਹੇਠਸਜੇ ਸਮਾਗਮਾਂ ਵਿਚ ਗੁਰਬਾਣੀ ਦੇ ਪਾਠਾਂ ਦੇ ਭੋਗ ਉਪਰੰਤ ਕੀਰਤਨ ਹੋਇਆ। ਇਸ ਸਮੇਂ ਲੱਖਾਂ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਸੰਤ ਬਾਬਾ ਹਰੀ ਸਿੰਘ ਰੰਧਾਵੇ ਵਾਲੇ, ਸੰਤ ਬਾਬਾ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ ਤੋਂ ਇਲਾਵਾ ਸਿੰਘ ਸਾਹਿਬ ਗਿ: ਰਘਬੀਰ ਸਿੰਘ ਹੈਡ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ ਨੇ ਆਖਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਨੁੱਖੀ ਹੱਕਾਂ, ਧਾਰਮਿਕ ਸੁਤੰਤਰਤਾ ਦੇ ਰਾਖੇ, ਧਰਮ ਤੇ ਸ੍ਰਿਸ਼ਟੀ ਦੀ ਚਾਦਰ ਹਨ। ਉਨ੍ਹਾਂ ਆਖਿਆ ਕਿ ਸੰਤ ਬਾਬਾ ਖੜਕ ਸਿੰਘ, ਕੌਮੀ ਸ਼ਹੀਦ, ਸੰਤ ਬਾਬਾ ਚਰਨ ਸਿੰਘ ਬੀੜ ਸਾਹਿਬ ਵਾਲੇਆਂ ਦੇ ਉਤ੍ਰਾਧਿਕਾਰੀ ਡਾ: ਸੰਤ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਵੱਲੋਂ ਗੁਰਧਾਮਾਂ ਦੀ ਕਾਰ ਸੇਵਾ, ਸਮਾਜ ਸੇਵੀ, ਦੁਖੀ ਮਾਨਵਤਾ ਦੀ ਇਲਾਜ ਸੇਵਾ, ਨਸ਼ਾ ਛੁਡਾਊ ਕਾਰਜ ਦੇ ਨਾਲ—ਨਾਲ ਧਰਮ ਪ੍ਰਚਾਰ ਕਾਰਜਾਂ ਦੀ ਲੜੀ ਤਹਿਤ ਨੌਵੇਂ ਸਤਿਗੁਰੂ ਜੀ ਦੇ ਇਸ ਸਾਢੇ ਤ੍ਰੈ ਸ਼ਤਾਬਦੀ ਸ਼ਹੀਦੀ ਸਮਾਗਮਾਂ ਵਿਚ ਪ੍ਰਬੰਧਕੀ ਤਰਤੀਬ ਅਤੇ ਲੱਖਾਂ ਸੰਗਤਾਂ ਦੇ ਇਕੱਠ ਵੱਲੋਂ ਪ੍ਰੇਮ ਨਾਲ ਸ਼ਾਂਤੀਪੂਰਵਕ ਬੈਠ ਕੇ ਗੁਰੂ ਜ਼ਸ ਸ੍ਰਵਣ ਕਰਨ ਦੀ ਕਿਰਿਆ ਆਪਣੀ ਮਿਸਾਲ ਆਪ ਹੈ। ਗਿਆਨੀ ਗੁਰਮੁੱਖ ਸਿੰਘ ਐਮ.ਏ, ਗਿ: ਸੁੱਚਾ ਸਿੰਘ ਡੇਰਾ ਪਠਾਣਾਂ ਦੇ ਕਵੀਸ਼ਰੀ ਜਥਿਆਂ ਅਤੇ ਗਿ: ਲਖਵਿੰਦਰ ਸਿੰਘ ਸੋਹਲ ਤੇ ਗਿ: ਹਰਪਾਲ ਸਿੰਘ ਢੰਡ ਦੇ ਢਾਡੀ ਜਥਿਆਂ ਨੇ ਨੌਵੇਂ ਗੁਰੂ ਜੀ ਦੇ ਪਵਿੱਤਰ ਜੀਵਣ ਤੇ ਸ਼ਹਾਦਤ ਦੇ ਲੜੀਵਾਰ ਪ੍ਰਸੰਗ ਸ੍ਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਪੰਥ ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਗਿ: ਪਿੰਦਰਪਾਲ ਸਿੰਘ ਨੇ ਨੌਵੇਂ ਗੁਰੂ ਜੀ ਦੇ ਜੀਵਨ, ਸ਼ਹਾਦਤ ਦਾ ਇਤਿਹਾਸ ਅਤੇ ਗੁਰਬਾਣੀ ਦੀ ਕਥਾ ਵਿਚਾਰ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਲੱਖਾਂ ਸੰਗਤਾਂ ਵਲੋਂ ਸਤਿਗੁਰੂ ਸਮੇਤ ਸ਼ਹੀਦਾਂ ਦੇ ਸਤਿਕਾਰ—ਪਿਆਰ ਸਦਕਾ ਸਾਰਾ ਦਿਨ ਸ਼ਾਂਤ ਬੈਠ ਕੇ ਹਾਜ਼ਰੀ ਭਰਨ ਅਤੇ ਡਾ: ਸੰਤ ਬਾਬਾ ਗੁਰਨਾਮ ਸਿੰਘ ਦੀ ਭਰਪੂਰ ਸ਼ਲਾਘਾ ਕੀਤੀ। ਉਪਰੋਕਤ ਤੋਂ ਇਲਾਵਾ ਇਸ ਸਮੇਂ ਸੰਤ ਬਾਬਾ ਬੁੱਧ ਸਿੰਘ ਨਿੱਕੇ ਘੁੰਮਣ, ਸ੍ਰੀ ਸ੍ਰੀ ਰਵੀ ਸ਼ੰਕਰ ਵੱਲੋਂ ਬ੍ਰਹਮਚਾਰੀ ਵਿਦਿਆ ਨੰਦ ਜੀ, ਸੰਤ ਬਾਬਾ ਹਰੀ ਸਿੰਘ ਨਾਨਕਸਰ ਕਲੇਰਾਂ, ਸੰਤ ਬਾਬਾ ਹਰੀ ਸਿੰਘ ਨਾਨਕਸਰ ਜ਼ੀਰਾ, ਸੰਤ ਬਾਬਾ ਬਲਦੇਵ ਸਿੰਘ ਜ਼ੋਗੇਵਾਲ, ਸੰਤ ਬਾਬਾ ਮਹਿੰਦਰ ਸਿੰਘ ਜਨੇਰ, ਸੰਤ ਬਾਬਾ ਸਾਧੂ ਸਿੰਘ ਲੰਗੇਆਣਾ, ਸੰਤ ਬਾਬਾ ਅਮਰੀਕ ਸਿੰਘ ਖੁਖਰੈਣ, ਬਾਬਾ ਭੁਪਿੰਦਰ ਸਿੰਘ ਸੱਧਰਵਾਲਾ, ਬਾਬਾ ਅਵਤਾਰ ਸਿੰਘ ਸਾਧਾਂਵਾਲਾ, ਬਾਬਾ ਹਜੂਰਾ ਸਿੰਘ ਬਠਿੰਡਾ, ਬਾਬਾ ਨੰਦ ਸਿੰਘ ਮੁੰਡਾ ਪਿੰਡ, ਬਾਬਾ ਰਣਜੀਤ ਸਿੰਘ ਸੱਦਾ ਸਿੰਘ ਵਾਲਾ, ਬਾਬਾ ਅਜੀਤ ਸਿੰਘ ਠੱਠਾ ਸਾਹਿਬ, ਪ੍ਰਧਾਨ ਕੁਲਦੀਪ ਸਿੰਘ ਭਾਗੋਕੇ, ਬਾਬਾ ਗੁਰਸੇਵਕ ਸਿੰਘ ਝਬਾਲ, ਬਾਬਾ ਚਮਕੌਰ ਸਿੰਘ ਗੱਜਣਵਾਲਾ, ਬਾਬਾ ਮਨਜੀਤ ਸਿੰਘ ਲਾਲੂਵਾਲਾ ਤੋਂ ਇਲਾਵਾ ਸੰਤ ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ, ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਬੀਬੀ ਸਰਬਜੀਤ ਕੌਰ ਛਪੜੀ ਸਾਹਿਬ, ਬਾਬਾ ਸੁਲੱਖਣ ਸਿੰਘ ਪੰਜਵੜ, ਬਾਬਾ ਨਿਰੰਜਨ ਸਿੰਘ ਪੰਜਵੜ ਵੱਲੋਂ ਨੁਮਾਇੰਦੇ ਪੁੱਜੇ। ਇਸ ਤੋਂ ਇਲਾਵਾ ਡਾ: ਅਮਨਦੀਪ ਕੌਰ ਅਰੋੜਾ ਐਮ.ਐਲ.ਏ, ਬਰਜਿੰਦਰ ਸਿੰਘ ਮੱਖਣ ਬਰਾੜ, ਰਜਿੰਦਰ ਸਿੰਘ ਡੱਲਾ, ਅਨੁਮੀਤ ਸਿੰਘ ਹੀਰਾ ਸੋਢੀ, ਹਰਪ੍ਰੀਤ ਸਿੰਘ ਹੀਰੋ, ਸਤਪਾਲ ਸਿੰਘ ਤਲਵੰਡੀ, ਗੁਰਮੀਤ ਸਿੰਘ ਬੂਹ, ਐਡਵੋਕੇਟ ਮਨਜੀਤ ਸਿੰਘ ਰਾਏ, ਨਿਧੜਕ ਸਿੰਘ ਬਰਾੜ, ਪਰਮਜੀਤ ਸਿੰਘ ਸਿੱਧਵਾ ਅਤੇ ਮਨਜੀਤ ਸਿੰਘ ਭੋਮਾ ਆਦਿ ਨੇ ਵੀ ਹਾਜ਼ਰੀ ਭਰੀ। ਸਟੇਜ਼ ਸੰਚਾਲਨ ਦੀ ਸੇਵਾ ਪੰਥਕ ਵਿਦਵਾਨ ਗਿਆਨੀ ਭਗਵਾਨ ਸਿੰਘ ਜ਼ੌਹਲ ਵੱਲੋਂ ਨਿਭਾਈ ਗਈ। ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਸਮੇਂ ਲਗਾਏ ਗਏ 27 ਰੋਜ਼ਾ ਮੁਫਤ ਡਾਕਟਰੀ ਕੈਂਪ ਵਿਚ 9 ਹਜ਼ਾਰ ਤੋਂ ਵੱਧ ਮਰੀਜਾਂ ਦਾ ਨਿਰੀਖਣ ਕਰਕੇ ਮੁਫਤ ਦਵਾਈਆਂ ਦੀ ਸੇਵਾ ਕੀਤੀ ਗਈ। ਅੰਤ ਵਿਚ ਪਾਵਨ ਇਤਿਹਾਸਕ ਗੁਰਧਾਮ ਅਤੇ ਸਮਾਗਮਾਂ ਦੇ ਮੁੱਖ ਪ੍ਰਬੰਧਕ ਡਾ: ਸੰਤ ਬਾਬਾ ਗੁਰਨਾਮ ਸਿੰਘ ਵੱਲੋਂ ਪਹੁੰਚੀਆਂ ਪ੍ਰਮੁੱਖ ਸਖਸ਼ੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

# ਬ੍ਰਾਹਮਣ ਸਮਾਜ ਦੇ ਆਗੂਆਂ ਨੇ ਸਮਾਗਮ ਸਬੰਧੀ ਉਲੀਕੀ ਰੂਪ-ਰੇਖਾ



ਫ਼ਿਰੋਜ਼ਪੁਰ, 11 ਦਸੰਬਰ (ਮਨੋਹਰ ਲਾਲ) :— ਵਿਸ਼ਵ ਸ਼ਾਂਤੀ ਅਤੇ ਬ੍ਰਾਹਮਣਾਂ ਲਈ ਗਾਇਤਰੀ ਪੁਰਸ਼ਚਰਨ ਮਹਾਂ ਜੱਗ ਸਬੰਧੀ ਅੱਜ ਫ਼ਿਰੋਜ਼ਪੁਰ ਵਿਖੇ ਬ੍ਰਾਹਮਣਾ ਸਭਾ ਫ਼ਿਰੋਜ਼ਪੁਰ ਦੀ ਕਾਰਜਕਾਰਨੀ ਮੀਟਿੰਗ ਹੋਈ। ਫ਼ਿਰੋਜ਼ਪੁਰ ਸ਼ਹਿਰ ਦੇ ਸੱਤ ਨਰਾਇਣ ਮੰਦਰ ਵਿਖੇ ਹੋਈ ਮੀਟਿੰਗ ਦੀ ਅਗਵਾਈ ਸਭਾ ਦੇ ਪ੍ਰਧਾਨ ਪੰਡਿਤ ਰਜੇਸ਼ ਦੱਤਾ ਅਤੇ ਪ੍ਰੇਮ ਕੁਮਾਰ ਸ਼ਰਮਾ ਚੇਅਰਮੈਨ ਵੱਲੋਂ ਕੀਤੀ ਗਈ। ਮੀਟਿੰਗ ਉਪਰੰਤ ਜਾਣਕਾਰੀ ਸਾਂਝੀ ਕਰਦਿਆਂ ਜਨਰਲ ਸਕੱਤਰ ਹਰੀ ਰਾਮ ਖਿੰਦੜੀ ਨੇ ਦੱਸਿਆ ਕਿ ਇਸ ਮੀਟਿੰਗ ਦਾ ਮੁੱਖ ਮੁੱਦਾ ਵਿਸ਼ਵ ਸ਼ਾਂਤੀ ਅਤੇ ਬ੍ਰਾਹਮਣਾਂ ਦੇ ਲਈ 100 ਗਾਇਤਰੀ ਪੁਰਸ਼ਚਰਨ ਮਹਾਂ ਜੱਗ ਹੈ ਅਤੇ ਇਹ ਸਮਾਗਮ 8 ਮਾਰਚ ਤੋਂ 19 ਅਪ੍ਰੈਲ ਤੱਕ ਗਾਇਤਰੀ ਸ਼ਕਤੀ ਪੀਠ ਪੁਸ਼ਕਰ (ਰਾਜਸਥਾਨ) ਦੇ ਸਬੰਧ ਵਿਚ ਸਵਾਮੀ ਸ੍ਰੀ ਪਰਖਰ ਜੀ ਮਹਾਰਾਜ ਜ਼ੋ ਮਿਤੀ 12.12.2025 ਨੂੰ ਯੱਗ ਹੇਤੂ ਸੱਦਾ ਦੇਣ ਲਈ ਫ਼ਿਰੋਜ਼ਪੁਰ ਪੁੱਜ ਰਹੇ ਹਨ। ਉਨ੍ਹਾਂ ਦੇ ਨਾਲ ਪੰਡਿਤ ਸਚਿਨ ਸ਼ਰਮਾ ਸਾਬਕਾ ਚੇਅਰਮੈਨ ਗਊ ਰਕਸ਼ਾ ਬੋਰਡ ਚੰਡੀਗੜ੍ਹ ਵੀ ਪੁੱਜ ਰਹੇ ਹਨ। ਉਨ੍ਹਾਂ ਦੱਸਿਆ ਕਿ ਸੰਸਾਰ ਦੀ ਭਲਾਈ ਅਤੇ ਸ਼ਾਂਤੀ ਹੇਤੂ 1700 ਪੰਡਿਤ 200 ਹਵਨ ਕੁੰਡ ਅਤੇ 2700 ਕਰੋੜ ਗਾਇਤਰੀ ਮੰਤਰ ਨਾਲ ਪਾਠ ਕੀਤੇ ਜਾਣਗੇ, ਜ਼ੋ ਭਾਰਤ ਦੀ ਆਜਾਦੀ ਤੋਂ ਬਾਅਦ ਇਹ ਪਹਿਲਾ ਗਾਯਤਰੀ ਮਹਾਂਯੱਗ ਹੈ, ਜਿਸ ਦੇ ਮਾਨ—ਸਨਮਾਨ ਲਈ ਸਭਾ ਵੱਲੋਂ ਰੂਪ ਰੇਖਾ ਤਿਆਰ ਕੀਤੀ ਗਈ, ਜਿਸ ਵਿਚ ਫ਼ਿਰੋਜ਼ਪੁਰ ਦੀਆਂ 12 ਸਮਾਜ ਸੇਵੀ ਸੰਸਥਾਵਾਂ ਸਵਾਮੀ ਜੀ ਦਾ ਸਵਾਗਤ ਕਰਨ ਹਿੱਤ ਅਤੇ ਸ਼ੰਕਰ ਕਾਂਡ ਪਾਠ ਦਾ ਆਯੋਜਨ ਪ੍ਰਾਚੀਨ ਸ਼ਿਵਾਲਾ ਮੰਦਿਰ ਫ਼ਿਰੋਜ਼ਪੁਰ ਸੇਵਾ ਕਰਨਗੇ। ਇਸ ਮੌਕੇ ਪੰਡਿਤ ਰਾਜਨ ਜ਼ੋਸ਼ੀ ਸਾਬਕਾ ਪ੍ਰਿੰਸੀਪਲ ਸਟੇਜ਼ ਸਕੱਤਰ ਦੀ ਭੂਮਿਕਾ ਅਦਾ ਕਰਨਗੇ। ਮੀਟਿੰਗ ਦੌਰਾਨ ਪੰਡਿਤ ਸੰਜੀਵ ਸ਼ਰਮਾ, ਪੰਡਿਤ ਸੁਨੀਲ ਸ਼ਰਮਾ, ਪੰਡਿਤ ਅਨਿਲ ਖਿੰਦੜੀ, ਰਾਮੇਸ਼ ਕੁਮਾਰ ਸ਼ਰਮਾ, ਸੁਰਜੀਤ ਪਾਸੀ, ਮੁਨੀਸ਼ ਜ਼ੋਸ਼ੀ, ਪੰਡਿਤ ਸੁਭਾਸ਼ ਸ਼ਰਮਾ, ਸਤੀਸ਼ ਕੁਮਾਰ ਸ਼ਰਮਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਬਕਾ ਸਰਪੰਚ ਕਸ਼ਮੀਰ ਸਿੰਘ ਚੰਨਣਕੇ ਦੀ ਧਰਮ ਪਤਨੀ ਬੀਬੀ ਸੁਖਵਿੰਦਰ ਕੌਰ ਰੰਧਾਵਾ ਦਾ ਹੋਇਆ ਦੇਹਾਂਤ



ਚੌਕ ਮਹਿਤਾ,11 ਦਸੰਬਰ,( ਬਾਬਾ ਸੁਖਵੰਤ ਸਿੰਘ ਚੰਨਣਕੇ) ਸਮਾਜ ਸੇਵੀ ਸਾਬਕਾ ਸਰਪੰਚ ਕਸ਼ਮੀਰ ਸਿੰਘ ਰੰਧਾਵਾ ਚੰਨਣਕੇ ਦੀ ਧਰਮ ਪਤਨੀ ਬੀਬੀ ਸੁਖਵਿੰਦਰ ਕੌਰ ਰੰਧਾਵਾ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿਚ ਜਾ ਬਿਰਾਜੇ ਹਨ। ਉਨ੍ਹਾਂ ਦੀ ਅਚਾਨਕ ਮੌਤ ਹੋ ਗਈ ਹੈ। ਉਨ੍ਹਾਂ ਦੀ ਉਮਰ ਤਕਰੀਬਨ 69 ਸਾਲ ਸੀ ਉਨ੍ਹਾਂ ਦੇ 2 ਸਪੁੱਤਰ ਸਨ ਵੱਡਾ ਰਛਪਾਲ ਸਿੰਘ ਸੋਨਾ ਖੇਤੀਬਾੜੀ ਅਤੇ ਆਪਣੇ ਮਾਤਾ ਪਿਤਾ ਦੀ ਸੇਵਾ ਕਰਦਾ ਅਤੇ ਆਪਣੇ ਪਰਿਵਾਰ ਦੀ ਜ਼ਿਮੇਵਾਰੀ ਨਿਭਾਉਂਦਾ ਅਤੇ ਛੋਟਾ ਹੀਰਾ ਸਿੰਘ ਰੰਧਾਵਾ ਯੂ ਐਸ ਏ, ਅਤੇ ਬੇਟੀ ਸਰਬਜੀਤ ਕੌਰ ਯੂ ਐਸ ਏ ਵਿੱਚ ਰਹਿੰਦੇ ਹਨ। ਬੀਬੀ ਸੁਖਵਿੰਦਰ ਕੌਰ ਰੰਧਾਵਾ ਦਾ ਭੋਗ,19 ਦਸੰਬਰ 2025ਦਿਨ ਸ਼ੁੱਕਰਵਾਰ ਨੂੰ ਪੈਣਗੇ। ਇਸ ਮੌਕੇ ਤੇ ਸੰਤ ਮਹਾਂਪੁਰਸ਼, ਰਾਜਨੀਤਕ, ਸਮਾਜ ਸੇਵੀ ਅਤੇ ਰਿਸ਼ਤੇਦਾਰ , ਇਲਾਕੇ ਦੀਆਂ ਵੱਡੀ ਗਿਣਤੀ ਵਿਚ ਸੰਗਤਾਂ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਲੁੱਟਾਂ ਖੋਹਾਂ ਅਤੇ ਚੋਰੀਆਂ ਰੋਕਣ ਵਿੱਚ ਨਾਕਾਮ ਰਹੀ ਤਲਵੰਡੀ ਸਾਬੋ ਪੁਲਿਸ ਥਾਣੇ ਦੇ ਗੇਟ ਅੱਗੇ 22 ਦਸੰਬਰ ਨੂੰ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਧਰਨੇ ਦਾ ਐਲਾਨ



ਤਲਵੰਡੀ ਸਾਬੋ, 11 ਦਸੰਬਰ (ਗੁਰਜੰਟ ਸਿੰਘ ਨਥੇਹਾ)- ਅੱਜ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਦੀ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਕੀਤੀ ਗਈ ਜਿਸ ਜ਼ਿਲ੍ਹਾ ਪ੍ਰਧਾਨ ਅਮੀ ਲਾਲ ਬਲਾਹੜ ਮਹਿਮਾ ਅਤੇ ਸੂਬਾ ਆਗੂ ਕਾਮਰੇਡ ਬਲਵਿੰਦਰ ਸਿੰਘ ਘਰਾਂਗਣਾ ਸ਼ਾਮਲ ਹੋਏ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਆਗੂ ਨੇ ਕਿਹਾ ਕਿ ਤਲਵੰਡੀ ਸਾਬੋ ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਿੱਥੇ ਆਏ ਦਿਨ ਨਸ਼ੇ ਨਾਲ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ ਉਥੇ ਦਿਨ ਦਿਹਾੜੇ ਲੁੱਟਾਂ ਖੋਹਾਂ ਵੀ ਹੋ ਰਹੀਆਂ ਹਨ ਪੁਲਿਸ ਨਸ਼ਾ ਤਸਕਰਾਂ ਅਤੇ ਲੁੱਟਾਂ ਖੋਹਾਂ ਕਰਨ ਵਾਲਿਆਂ ਦੀ ਪੁਸ਼ਤ ਪਨਾਹੀ ਕਰਦੀ ਨਜ਼ਰ ਆ ਰਹੀ ਹੈ ਉਨ੍ਹਾਂ ਕਿਹਾ ਤਲਵੰਡੀ ਸਾਬੋ ਦੇ ਸਥਾਨਕ ਮਹੱਲਾ ਬੇਰੀਆਂ ਵਾਲਾ ਵਿਖੇ ਕਰਿਆਨੇ ਦੀ ਦੁਕਾਨ ਕਰਦੇ ਬਜ਼ੁਰਗ ਜੋੜੇ ਕਾਮਰੇਡ ਬਾਬੂ ਰਾਮ ਤਲਵੰਡੀ ਸਾਬੋ ਅਤੇ ਉਸ ਦੀ ਧਰਮਪਤਨੀ ਸ਼੍ਰੀਮਤੀ ਹਰਬੰਸ ਕੌਰ ਤੋਂ ਲੁਟੇਰੇ ਦਿਨ ਦਿਹਾੜੇ ਦੁਕਾਨ ਅੰਦਰ ਦਾਖਲ ਹੋ ਕੇ ਹਰਬੰਸ ਕੌਰ ਤੋਂ ਦੁਕਾਨ ਵਿੱਚੋਂ ਨਕਦ ਰਾਸ਼ੀ ਅਤੇ ਕੰਨਾਂ ਵਿੱਚੋਂ ਬਾਲੀਆਂ ਪੱਟ ਕੇ ਫ਼ਰਾਰ ਹੋ ਗਏ ਸਨ ਇਸ ਘਟਨਾ ਨੂੰ ਤਕਰੀਬਨ ਪੰਜ ਮਹੀਨੇ ਹੋ ਗਏ ਹਨ ਜਿਸ ਦੀ ਅਰਜ਼ੀ ਥਾਣਾ ਮੁਖੀ ਨੂੰ ਦਿੱਤੀ ਹੋਈ ਹੈ ਬਾਰ ਬਾਰ ਆਗੂਆਂ ਵੱਲੋਂ ਐਸ.ਐਚ.ਓ ਨੂੰ ਅਤੇ ਡੀ.ਐਸ.ਪੀ ਨੂੰ ਵੀ ਮਿਲਿਆ ਗਿਆ ਪਰ ਲਾਰਿਆਂ ਤੋਂ ਸਿਵਾਏ ਕੁਝ ਪੱਲੇ ਨਹੀਂ ਪਿਆ ਤਾਂ ਅੱਜ ਪੀੜਤ ਪਰਿਵਾਰ ਦੀ ਹਾਜ਼ਰੀ ਵਿੱਚ ਜਥੇਬੰਦੀ ਨੇ ਫੈਸਲਾ ਕੀਤਾ ਹੈ ਕਿ ਆਉਣ ਵਾਲੇ 22 ਦਸੰਬਰ ਨੂੰ ਤਲਵੰਡੀ ਸਾਬੋ ਥਾਣੇ ਦੇ ਗੇਟ ਅੱਗੇ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਪੀੜਤ ਧਿਰ ਵੱਲੋਂ ਬਾਬੂ ਰਾਮ ਤਲਵੰਡੀ ਸਾਬੋ ਉਨ੍ਹਾਂ ਦੀ ਧਰਮਪਤਨੀ ਸ਼੍ਰੀਮਤੀ ਹਰਬੰਸ ਕੌਰ ਜਥੇਬੰਦੀ ਦੇ ਬਲਾਕ ਆਗੂ ਦਰਸ਼ਨ ਸਿੰਘ ਕੋਟ ਫੱਤਾ ਅਤੇ ਸੁਖਦੇਵ ਸਿੰਘ ਲਹਿਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

### ਮਾਤਾ ਹਰਜਿੰਦਰ ਕੌਰ ਚੰਨਣਕੇ ਦੀ ਅੰਤਿਮ ਅਰਦਾਸ ਮੌਕੇ

# ਵੱਖ ਵੱਖ ਧਾਰਮਿਕ, ਰਾਜਨੀਤਿਕ 'ਤੇ ਸਮਾਜਿਕ ਸਖਸ਼ੀਅਤਾਂ ਨੇ ਭਰੀ ਹਾਜ਼ਰੀ









**ਚੌਂਕ ਮਹਿਤਾ, 11,ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਧਰਮ ਪਤਨੀ ਮਾਤਾ ਹਰਜਿੰਦਰ ਕੌਰ ਨਮਿੱਤ ਰੱਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਗੁਰਦੁਆਰਾ ਬਾਬਾ ਚੰਨਣ ਜੀ ਪਿੰਡ ਚੰਨਣਕੇ ਵਿਖੇ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪ੍ਰੀਤ ਸਿੰਘ, ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਅਤੇ ਸੰਪਰਦਾਇ ਹਰਖੋਵਾਲ ਧੰਨ ਗੁਰੂ ਨਾਨਕ ਦਰਬਾਰ ਦੇ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਵੈਰਾਗਮਈ ਕੀਰਤਨ ਅਤੇ ਕਥਾ ਨਾਲ ਸੰਗਤਾਂ ਨੂੰ ਜੋੜਿਆ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਪਹੁੰਚੇ ਸਿੰਘ ਸਾਹਿਬ ਭਾਈ ਸੁਖਦੇਵ ਸਿੰਘ ਦੇ ਵੱਲੋਂ ਅੰਤਿਮ ਅਰਦਾਸ ਕੀਤੀ ਗਈ। ਇਸ ਸਮੇਂ ਧਾਰਮਿਕ ਸਖਸ਼ੀਅਤਾਂ ਵਿਚ ਦਮਦਮੀ ਟਕਸਾਲ ਦੇ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਵੱਲੋਂ ਜਥੇਦਾਰ ਬਾਬਾ ਬੋਹੜ ਸਿੰਘ , ਜਥੇਦਾਰ ਭਾਈ ਪ੍ਰਕਾਸ਼ ਸਿੰਘ ਅਤੇ ਸਮੂਹ ਜਥੇਬੰਦੇ ਸਿੰਘ,ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ, ਸੰਤ ਬਾਬਾ ਸੁਖਦੇਵ ਸਿੰਘ ਹੰਸਾਲੀ ਦੀਨਪੁਰ ਵਾਲੇ, ਸਿੰਘ ਸਾਹਿਬ ਗਿਆਨੀ ਭੁਪਿੰਦਰ ਸਿੰਘ ਤੇਰੀ ਓਟ ਆਸ਼ੀਆਨਾ ਗਦਲੀ ਵਾਲੇ,ਸੰਤ ਬਾਬਾ ਗੁਰਭੇਜ ਸਿੰਘ ਖੁਜਲਾ ਮੁੱਖ ਬੁਲਾਰਾ ਸੰਤ ਸਮਾਜ,ਸੰਤ ਬਾਬਾ ਗੁਰਦੀਪ ਸਿੰਘ ਖੁਜਾਲਾ, ਸੰਤ ਬਾਬਾ ਕੰਵਲਜੀਤ ਸਿੰਘ ਨਾਗੀਆਣਾ ਸਾਹਿਬ, ਸੰਤ ਬਾਬਾ ਨਵਤੇਜ ਸਿੰਘ ਜੀ ਚੇਲੇਆਨਾ ਸਾਹਿਬ, ਸੰਤ ਬਾਬਾ ਗੁਰਦੇਵ ਸਿੰਘ ਜੀ ਗੁਰਦੁਆਰਾ ਡੇਰਾ ਭਗਤਾਂ ਦਾ ਤਰਸਿੱਕਾ, ਸੰਤ ਬਾਬਾ ਸੁੱਖਾ ਸਿੰਘ ਜੀ ਜੋਤੀਸਰ ਸਾਹਿਬ ਜੰਡਿਆਲਾ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ ਵਾਲੇ, ਕਾਰ ਸੇਵਾ ਮੱਖਣਵਿੰਡੀ ਸੰਤ ਬਾਬਾ ਸਰਦਾਰਾ ਸਿੰਘ ਵੱਲੋਂ ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ ਵਾਲੇ,ਸੰਤ ਬਾਬਾ ਬੀਰ ਸਿੰਘ ਭੰਗਾਲੀ ਸਾਹਿਬ ਵਾਲੇ, ਸੰਤ ਬਾਬਾ ਸ਼ਿਵੰਦਰ ਸਿੰਘ ਟਾਹਲੀ ਸਾਹਿਬ ਵਾਲੇ,ਰਾਗੀ ਭਾਈ ਬਲਦੇਵ ਸਿੰਘ ਮਹਿਤਾ ਨੇ ਵਿਸ਼ੇਸ਼ ਤੌਰ ਤੇ ਹਾਜਰੀ ਭਰੀ। ਇਸ ਦੌਰਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਬਾਬਾ ਸੁਖਵੰਤ ਸਿੰਘ ਚੰਨਣਕੇ ਨੇ ਧਾਰਮਿਕ, ਰਾਜਨੀਤਿਕ ਤੇ ਸਮਾਜਿਕ ਸਖਸ਼ੀਅਤਾਂ ਸਮੇਤ ਵੱਡੀ ਗਿਣਤੀ ਵਿਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਜਸਪ੍ਰੀਤ ਸਿੰਘ ਐਸ ਡੀ ਜੇਐਮ ਬਾਬਾ ਬਕਾਲਾ ਸਾਹਿਬ (ਅਮ੍ਰਿੰਤਸਰ)ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਬੇਟਾ ਸਰਪ੍ਰੀਤ ਸਿੰਘ ਗਿੱਲ ਬਿਕਰਮ ਸਿੰਘ ਮਜੀਠੀਆ ਵੱਲੋਂ ਕਵਲਜੀਤ ਸਿੰਘ,ਧਰਮਬੀਰ ਸਿੰਘ ਮਾਨ, ਬਲਕਾਰ ਸਿੰਘ ਬਾਠ ਪੀ ਬੀ ਐੱਸ ਮੌਲ ਚੌਕ ਮਹਿਤਾ ਵਾਲੇ, ਗੁਰਮੀਤ ਸਿੰਘ ਮਾਨ, ਵਿਜੇ ਕਲਾਥ ਚੌਕ ਮਹਿਤਾ ਵਾਲੇ, ਪ੍ਰਿੰਸੀਪਲ ਸ਼ਿਵਚਰਨ ਸਿੰਘ, ਡਾ, ਨੀਸਾਨ ਸਿੰਘ ਅਰਜਨ ਮਾਂਗਾ, ਗੁਰਮੀਤ ਸਿੰਘ ਮਾਨ, ਸਰਪੰਚ ਕੁਲਵਿੰਦਰ ਸਿੰਘ ਮਿਠਾ, ਸਰਪੰਚ ਲਖਵਿੰਦਰ ਸਿੰਘ ਨਾਥ ਦੀ ਖੂਹੀ, ਸਰਪੰਚ ਸੁਰਜੀਤ ਸਿੰਘ ਭੋਏਵਾਲ, ਸਿੰਕਦਰ ਸਿੰਘ ਭੋਏਵਾਲ, ਸਾਬਕਾ ਸਰਪੰਚ ਦਵਿੰਦਰ ਸਿੰਘ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਸਾਬਕਾ ਸਰਪੰਚ ਦਵਿੰਦਰ ਸਿੰਘ ਨਵੇਂ ਚੰਨਣਕੇ, ਸਾਬਕਾ ਸਰਪੰਚ ਪ੍ਰਗਟ ਸਿੰਘ,ਹਰਜਿੰਦਰ ਸਿੰਘ ਜਲਾਲ ਉਸਮਾ, ਸੁਖਜਿੰਦਰ ਸਿੰਘ ਰੰਧਾਵਾ ਨੰਬਰਦਾਰ, ਗੁਰਪਿੰਦਰ ਸਿੰਘ, ਇਸ ਸਮੇਂ ਫੀਲਡ ਪੱਤਰਕਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੀ ਇਕਾਈ ਮਹਿਤਾ ਦੇ ਪ੍ਰਧਾਨ ਕੈਪਟਨ ਸਿੰਘ, ਰਾਜਦੀਪ ਸਿੰਘ ਰਾਜੂ ਮਲਕ ਨੰਗਲ, ਜਗਦੀਸ਼ ਸਿੰਘ ਬੰਮਰਾਹ, ਬਲਜਿੰਦਰ ਸਿੰਘ ਬੱਲੀ, ਰਾਜਵਿੰਦਰ ਸਿੰਘ ਰੰਧਾਵਾ, ਦਵਿੰਦਰ ਸਿੰਘ, ਬਲਜੀਤ ਸਿੰਘ ਤਲਵੰਡੀ,ਸਮੇਤ ਇਲਾਕੇ ਦੇ ਪੱਤਰਕਾਰ ਉਚੇਚੇ ਤੌਰ ਤੇ ਪਹੁੰਚੇ।

ਆਵਾਜ਼ਿ ਕੌਮ AWAZE QAUM International Newspaper & WEB TV



### ਸ: ਜੱਸਾ ਸਿੰਘ ਰਾਮਗੜ੍ਹੀਆ ਸੁਸਾਇਟੀ ਦੀ

# ਕਾਰਜਕਾਰਨੀ ਦੀ ਹੋਈ ਹੰਗਾਮੀ ਮੀਟਿੰਗ



ਫ਼ਿਰੋਜ਼ਪੁਰ, 11 ਦਸੰਬਰ (ਮਨੋਹਰ ਲਾਲ) :— ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਭਾਰਤ ਦੀ ਜਰਨਲ ਮੀਟਿੰਗ ਗੁਰਦੁਆਰਾ ਸਰਬ ਨਿਵਾਸ ਬਗਦਾਦੀ ਗੇਟ ਵਿਖੇ ਬੁਲਾਈ ਗਈ, ਜਿਸ ਵਿੱਚ ਪਿਛਲੇ ਕੁਝ ਮਹੀਨਿਆਂ ਨੂੰ ਅਗਜੈਕਟਿਵ ਮੈਂਬਰਾਂ ਦੀ ਸਰਬ ਸਹਿਮਤੀ ਨਾਲ ਸੋਸਾਇਟੀ ਦਾ ਢਾਂਚਾ ਹਰ ਸਾਲ ਦਸੰਬਰ ਮਹੀਨੇ ਵਿੱਚ ਭੰਗ ਕਰਨ ਦਾ ਫੈਸਲਾ ਲਿਆ ਸੀ ਉਸ ਫੈਸਲੇ ਦੇ ਮੱਦੇ ਨਜ਼ਰ ਅੱਜ ਜਸਬੀਰ ਸਿੰਘ ਕੱਲਸੀ ਜਨਰਲ ਸਕੱਤਰ ਪੰਜਾਬ ਦੀ ਅਗਵਾਈ ਵਿੱਚ ਅਤੇ ਅਗਜੈਕਟਿਵ ਮੈਂਬਰਾਂ ਤੇ ਮੀਟਿੰਗ ਦੌਰਾਨ ਆਏ ਹੋਏ ਪਤਵੰਤੇ ਸੱਜਣਾਂ ਦੀ ਦੇਖ—ਰੇਖ ਹੇਠ ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਭਾਰਤ ਦਾ ਢਾਂਚਾ ਭੰਗ ਕੀਤਾ ਗਿਆ ਹੈ। ਸੁਸਾਇਟੀ ਆਗੂਆਂ ਨੇ ਦੱਸਿਆ ਕਿ ਸੁਸਾਇਟੀ ਦਾ ਨਵਾਂ ਢਾਂਚਾ ਬਹਾਲ ਹੋਣ ਤੱਕ ਸਾਰੇ ਪ੍ਰਧਾਨਾਂ ਦੇ ਅਹੁਦੇ ਖਤਮ ਕੀਤੇ ਜਾਂਦੇ ਹਨ ਇਸ ਮੀਟਿੰਗ ਵਿੱਚ ਸ਼ਾਮਿਲ ਹੋਏ ਸਾਰੇ ਮੈਂਬਰਾਂ ਨੇ ਆਪੋ—ਆਪਣੇ ਸੁਝਾਅ ਦਿੱਤੇ ਸਾਰੇ ਮੈਂਬਰਾਂ ਦੀ ਸਹਿਮਤੀ ਨਾਲ ਜਸਬੀਰ ਸਿੰਘ ਕਲਸੀ ਜਨਰਲ ਸਕੱਤਰ ਪੰਜਾਬ ਦਾ ਅਹੁਦਾ ਕਾਇਮ ਰਹੇਗਾ ਅਤੇ ਹਰਭਜਨ ਸਿੰਘ ਦੜਿਆਲਾ ਨੂੰ ਅਰਪਿੰਦਰ ਸਿੰਘ ਆਰੇ ਵਾਲਿਆਂ ਨੇ ਸਰੋਪਾ ਪਾ ਕੇ ਕਾਰਜਕਾਰਨੀ ਪ੍ਰਧਾਨ ਜੈਕਾਰਿਆਂ ਦੀ ਗੂੰਜ ਵਿੱਚ ਥਾਪਿਆ ਗਿਆ। ਇਸ ਮੌਕੇ ਹਰਭਜਨ ਸਿੰਘ ਦੜਿਆਲਾ ਨੇ ਸੋਸਾਇਟੀ ਦੇ ਮੈਂਬਰਾਂ ਦਾ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਨੂੰ ਦਿੱਤੀ ਗਈ ਜਿੰਮੇਵਾਰੀ ਨੂੰ ਤਨ ਦੇਹੀ ਨਾਲ ਨਿਭਾਵਾਂਗਾ ਅਤੇ ਸੋਸਾਇਟੀ ਦੇ ਸਾਰੇ ਮੈਂਬਰਾਂ ਨੂੰ ਭਰੋਸੇ ਵਿੱਚ ਲੈ ਕੇ ਚੱਲਾਂਗਾ ਅਤੇ ਕਿਤੇ ਵੀ ਸ਼ਿਕਾਇਤ ਦਾ ਮੌਕਾ ਨਹੀਂ ਆਉਣ ਦਿੱਤਾ ਜਾਵੇਗਾ।ਮੀਟਿੰਗ ਦੌਰਾਨ ਪਹੁੰਚੇ ਮੈਂਬਰਾ ਵਿਚੋਂ ਸੁਖਵਿੰਦਰ ਸਿੰਘ ਸੰਨੀ ਇੰਡੀਅਨ ਫਾਊਂਡਰੀ ਸਤਨਾਮ ਸਿੰਘ ਹਰਿਆਣ ਬੂਟਾ ਸਿੰਘ ਹਰਿਆਣ ਹਰਵਿੰਦਰ ਸਿੰਘ ਰਾਮਗੜੀਆ ਦਵਿੰਦਰ ਸਿੰਘ ਕਲਸੀ ਅੰਗਰੇਜ਼ ਸਿੰਘ ਫੌਜੀ ਸੁਖਮੰਦਰ ਸਿੰਘ ਲਾਡੂ ਭਗਵਾਨ ਸਿੰਘ ਦੜਿਆਲਾ ਪਿੱਪਲ ਸਿੰਘ ਨਾਗੀ ਹਰਚਰਨ ਸਿੰਘ ਚੰਨ ਗੁਰਚਰਨ ਸਿੰਘ ਨਾਗੀ ਵਰਿੰਦਰ ਸਿੰਘ ਲਾਡੀ ਜਰਨੈਲ ਸਿੰਘ ਗਾਬੜੀਆ ਅਮਰ ਸਿੰਘ ਗਾਬੜੀਆ ਸਰਬਜੀਤ ਸਿੰਘ ਲਾਡੀ ਭੁਪਿੰਦਰ ਸਿੰਘ ਠੇਠੀ ਤਜਿੰਦਰ ਸਿੰਘ ਠੇਠੀ ਸ਼ਮਸ਼ੇਰ ਸਿੰਘ ਕਲਸੀ ਸੁਰਿੰਦਰ ਸਿੰਘ ਬਲਦੇਵ ਸਿੰਘ ਹਰਜੀਤ ਸਿੰਘ ਕਾਲਾ ਗੁਰਪ੍ਰੀਤ ਸਿੰਘ ਜੰਡੂ ਮਲਕੀਤ ਸਿੰਘ ਪ੍ਰਦੀਪ ਸਿੰਘ ਭੁੱਲਰ ਤਜਿੰਦਰ ਸਿੰਘ ਬਿੱਟੂ ਸੁਖਚੈਨ ਸਿੰਘ ਖ਼ਾਲਸਾ ਹਰਭੁਪਿੰਦਰ ਸਿੰਘ ਮਾਈਕੋ ਸੁਖਚੈਨ ਸਿੰਘ ਅਨੋਖ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਨੇ ਕਰਵਾਈ ਸਾਲਾਨਾ ਅਥਲੈਟਿਕ ਮੀਟ

## ਗੁਰੂ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਫੁੱਲੋਖਾਰੀ ਦਾ ਰਿਹਾ ਵਿਸ਼ੇਸ਼ ਯੋਗਦਾਨ







ਤਲਵੰਡੀ ਸਾਬੋ, 11 ਦਸੰਬਰ (ਗੁਰਜੰਟ ਸਿੰਘ ਨਥੇਹਾ)- ਅੱਜ ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਵਿਖੇ ਸਾਲਾਨਾ ਅਥਲੈਟਿਕ ਮੀਟ ਦਾ ਆਯੋਜਨ ਕੀਤਾ ਗਿਆ। ਇਹ ਜਾਣਕਾਰੀ ਦਿੰਦੇ ਹੋਏ ਸਕੂਲ ਮੁਖੀ ਸ. ਗੁਰਮੇਲ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਲਾਨਾ ਐਥਲੈਟਿਕ ਮੀਟ ਕਰਵਾਈ ਗਈ। ਇਹ ਅਥਲੈਟਿਕ ਮੀਟ ਕਰਾਉਣ ਵਿੱਚ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਅੱਜ ਦੀ ਐਥਲੈਟਿਕਸ ਮੀਟ ਅੰਡਰ 14 ਸਾਲ, 17 ਸਾਲ, 19 ਸਾਲ ਲੜਕੇ ਲੜਕਿਆਂ ਦੀ ਕਰਵਾਈ ਗਈ। ਜਿਸ ਵਿੱਚ 100 ਮੀਟਰ, 200 ਮੀਟਰ ਦੌੜਾਂ, ਲੰਬੀ ਛਾਲ, ਉੱਚੀ ਛਾਲ ਦੇ ਮੁਕਾਬਲੇ ਕਰਵਾਏ ਗਏ। ਬੱਚਿਆਂ ਨੇ ਪੂਰੇ ਉਤਸਾਹ ਨਾਲ ਈਵੈਂਟਸ ਵਿੱਚ ਹਿੱਸਾ ਲਿਆ।ਅੱਜ ਦੀ ਐਥਲੈਟਿਕਸ ਮੀਟ ਦੇ ਮੌਕੇ ਸਰਪੰਚ ਸ. ਰਾਮਪਾਲ ਸਿੰਘ ਸਿੱਧੂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸ. ਪਾਲ ਸਿੰਘ ਵੀ ਪੂਰਾ ਸਮਾਂ ਹਾਜ਼ਰ ਰਹੇ। ਸਾਬਕਾ ਚੇਅਰਮੈਨ ਸ. ਲੀਲਾ ਸਿੰਘ ਤੇ ਉਹਨਾਂ ਦੇ ਨਾਲ ਦੇਵ ਸਿੰਘ, ਐਸ.ਐਮ.ਸੀ ਮੈਂਬਰ ਮਨਦੀਪ ਕੌਰ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਸਾਰੇ ਈਵੈਂਟਸ ਦੀਆਂ ਪਹਿਲੀਆਂ ਤਿੰਨ ਪੁਜੀਸ਼ਨਾਂ ਲੈਣ ਵਾਲੇ ਬੱਚਿਆਂ ਨੂੰ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਸਪਾਂਸਰ ਕੀਤੀਆਂ ਗਈਆਂ ਟੀ-ਸ਼ਰਟਾਂ ਅਤੇ ਟਰਾਫੀਆਂ ਦਿੱਤੀਆਂ ਗਈਆਂ। ਸਾਰੇ ਭਾਗ ਲੈਣ ਵਾਲਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਸਮੂਹ ਸਟਾਫ਼ ਵੱਲੋਂ ਸਰਪੰਚ ਸ. ਰਾਮਪਾਲ ਸਿੰਘ ਸਿੱਧੂ, ਚੇਅਰਮੈਨ ਪਾਲ ਸਿੰਘ ਸਿੱਧੂ, ਮਨਦੀਪ ਕੌਰ, ਸਾਬਕਾ ਚੇਅਰਮੈਨ ਲੀਲਾ ਸਿੰਘ ਦਾ ਸਨਮਾਨ ਕੀਤਾ ਗਿਆ। ਅਥਲੈਟਿਕਸ ਮੀਟ ਨੂੰ ਵਧੀਆ ਢੰਗ ਨਾਲ ਸਿਰੇ ਚੜਾਉਣ ਲਈ ਸਕੂਲ ਦੇ ਸਟਾਫ ਸ. ਗੁਰਤੇਜ ਸਿੰਘ ਪੀਟੀਆਈ, ਗੁਰਜੀਤ ਸਿੰਘ, ਰਾਜਵਿੰਦਰ ਸਿੰਘ, ਮੋਹਨ ਸਿੰਘ, ਹਰਬੰਸ ਸਿੰਘ, ਦਲ ਸਿੰਘ, ਹਰਜੀਵਨ ਸਿੰਘ, ਮੈਡਮ ਕਮਲਦੀਪ ਕੌਰ, ਮੈਡਮ ਪਰਮਜੀਤ ਕੌਰ, ਮੈਡਮ ਸੁਖਵਿੰਦਰ ਕੌਰ, ਮੈਡਮ ਅਨਾਮਿਕਾ, ਮੈਡਮ ਪ੍ਰਿਅੰਕਾ ਜੈਨ ਤੇ ਤਰਨਵੀਰ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਫਤਿਹ ਨਗਰ ਦੀ ਬ੍ਰਾਂਚ ਬੰਦ ਨਹੀਂ ਬਲਕਿ ਸ਼ਿਫਟ ਹੋਈ: ਭਾਟੀਆ



ਨਵੀਂ ਦਿੱਲੀ, 11 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਭਾਟੀਆ ਨੇ ਦੱਸਿਆ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਫਤਿਹ ਨਗਰ ਦੀ ਬ੍ਰਾਂਚ ਬੰਦ ਨਹੀਂ ਹੋਈ ਬਲਕਿ ਸ਼ਿਫਟ ਹੋਈ ਹੈ ਤੇ ਇਸ ਮਾਮਲੇ ਵਿਚ ਕੁਝ ਲੋਕਾਂ ਵੱਲੋਂ ਵੀਡੀਓ ਪੋਸਟ ਕਰ ਕੇ ਕੀਤਾ ਜਾ ਰਿਹਾ ਪ੍ਰਚਾਰ ਗਲਤ ਹੈ। ਅੱਜ ਇਥੇ ਜਾਰੀ ਕੀਤੇ ਇਕ ਬਿਆਨ ਵਿਚ ਗੁਰਮੀਤ ਸਿੰਘ ਭਾਟੀਆ ਨੇ ਕਿਹਾ ਕਿ ਉਹਨਾਂ ਦਾ ਨਾਮ ਲੈ ਕੇ ਕਿਹਾ ਗਿਆ ਸੀ ਕਿ ਉਹ ਇਸ ਗੱਲ ਦਾ ਜਵਾਬ ਜ਼ਰੂਰ ਦੇਣ ਤਾਂ ਉਹ ਦੱਸਣਾ ਚਾਹੁੰਦੇ ਹਨ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਫਤਿਹ ਨਗਰ ਦੀ ਬ੍ਰਾਂਚ ਬੰਦ ਨਹੀਂ ਹੋਈ ਬਲਕਿ ਸ਼ਿਫਟ ਹੋਈ ਹੈ। ਉਹਨਾਂ ਕਿਹਾ ਕਿ ਦਸੰਬਰ ਦੇ ਮਹੀਨੇ ਵਿਚ ਆਮ ਤੌਰ 'ਤੇ ਲੋਕ ਬੱਚਿਆਂ ਦੀ ਛੋਟੀਆਂ ਕਲਾਸਾਂ ਵਿਚ ਐਡਮੀਸ਼ਨ ਕਰਵਾਉਂਦੇ ਹਨ ਤੇ ਅਜਿਹੇ ਸਮੇਂ ਵਿਚ ਗਲਤ ਵੀਡੀਓ ਪਾਉਣ ਨਾਲ ਕੌਮ ਦਾ ਨੁਕਸਾਨ ਹੁੰਦਾ ਹੈ। ਉਹਨਾਂ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਕੌਮ ਦਾ ਸਰਮਾਇਆ ਹਨ ਤੇ ਇਹਨਾਂ ਦੀ ਬੇਹਤਰੀ ਵਾਸਤੇ ਦਿੱਲੀ ਗੁਰਦੁਆਰਾ ਕਮੇਟੀ ਦੀ ਮੌਜੂਦਾ ਟੀਮ ਪੂਰੀ ਮਿਹਨਤ ਨਾਲ ਕੰਮ ਕਰ ਰਹੀ ਹੈ। ਉਹਨਾਂ ਕਿਹਾ ਕਿ ਜਿਥੋਂ ਤੱਕ ਕਮੇਟੀ ਵੱਲੋਂ ਕੀਤੇ ਜਾ ਰਹੇ ਕੰਮਾਂ ਦਾ ਸਵਾਲ ਹੈ ਤਾਂ ਉਹ ਦੱਸਣਾ ਚਾਹੁੰਦੇ ਹਨ ਕਿ ਕਮੇਟੀ ਵੱਲੋਂ ਇਸ ਵੇਲੇ 50 ਰੁਪਏ ਵਿਚ ਐਮ ਆਰ ਆਈ ਤੇ ਸੀ ਟੀ ਸਕੈਨ ਦੀ ਸਹੂਲਤ ਦਿੱਤੀ ਜਾ ਰਹੀ ਹੈ ਤੇ ਮੁਫਤ ਡਾਇਲਸਿਸ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਕਮੇਟੀ ਵੱਲੋਂ ਮੁਲਾਜ਼ਮਾਂ ਲਈ ਫਲੈਟ ਤੇ ਹੋਸਟਲ ਬਣਾਏ ਜਾ ਰਹੇ ਹਨ ਤੇ ਹੋਰ ਵੀ ਅਨੇਕਾਂ ਕਾਰਜ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਕੁਝ ਲੋਕ ਕਦੇ ਤਾਂ ਸਰਦਾਰ ਮਨਜਿੰਦਰ ਸਿੰਘ ਸਿਰਸਾ, ਕਦੇ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਕਦੇ ਸਰਦਾਰ ਜਗਦੀਪ ਸਿੰਘ ਕਾਹਲੋਂ ਬਾਰੇ ਗੁੰਮਰਾਹਕੁੰਨ ਵੀਡੀਓ ਪੋਸਟ ਕਰਦੇ ਹਨ ਤਾਂ ਉਹ ਦੱਸਣਾ ਚਾਹੁੰਦੇ ਹਨ ਕਿ ਕਮੇਟੀ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਬਹੁਤ ਹੀ ਯਾਦਗਾਰੀ ਪੱਧਰ 'ਤੇ ਮਨਾਇਆ ਗਿਆ ਤੇ ਇਸੇ ਤਰੀਕੇ ਹੋਰ ਦਿਹਾੜੇ ਵੀ ਮਨਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਮੌਜੂਦਾ ਟੀਮ ਬਹੁਤ ਹੀ ਸ਼ਿੱਦਤ ਨਾਲ ਕੌਮ ਦੀ ਸੇਵਾ ਕਰ ਰਹੀ ਹੈ। ਉਹਨਾਂ ਕਿਹਾ ਕਿ ਉਹ ਕਿਸੇ ਦੇ ਖਿਲਾਫ ਨਹੀਂ ਬੋਲ ਰਹੇ ਸਗੋਂ ਇਹ ਸੁਝਾਅ ਦੇ ਰਹੇ ਹਨ ਕਿ ਸਿੱਖ ਸੰਸਥਾਵਾਂ ਬਾਰੇ ਗਲਤ ਸੂਚਨਾਵਾਂ ਨਾ ਪੋਸਟ ਕੀਤੀਆਂ ਜਾਣ ਜਿਸ ਨਾਲ ਲੋਕਾਂ ਵਿਚ ਗਲਤ ਸੰਦੇਸ਼ ਜਾਵੇ ਕਿਉਂਕਿ ਅਜਿਹੀਆਂ ਵੀਡੀਓਜ਼ ਸਿਰਫ ਸਿੱਖ ਕੌਮ ਹੀ ਨਹੀਂ ਬਲਕਿ ਹੋਰ ਧਰਮਾਂ ਦੇ ਮੈਂਬਰ ਵੀ ਵੇਖਦੇ ਹਨ ਜਿਸ ਨਾਲ ਸਿੱਖ ਕੌਮ ਦੇ ਅਕਸ ਦਾ ਹੀ ਨੁਕਸਾਨ ਹੁੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਤਾ ਸੁਰਜੀਤ ਕੌਰ ਜੀ ਦੀ ਅੰਤਿਮ ਅਰਦਾਸ

# ਗੁਰਦੁਆਰਾ ਤੀਰਸਰ ਸਾਹਿਬ ਪਿੰਡ ਤਖਤਮੱਲ ਸਿਰਸਾ ਵਿਖੇ ਸੰਪੰਨ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸ਼ਰਧਾਂਜਲੀ ਭੇਟ ਕੀਤੀ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ














ਗੁਰੂ ਘਰ ਦੇ ਸੇਵਾਦਾਰ ਭਾਈ ਗੁਰਬਖਸ਼ ਸਿੰਘ,ਭਾਈ ਬਲਵਿੰਦਰ ਸਿੰਘ,ਭਾਈ ਮਲਕੀਤ ਸਿੰਘ ਦੇ ਸਤਿਕਾਰਯੋਗ ਮਾਤਾ ਸੁਰਜੀਤ ਕੌਰ ਧਰਮ ਸੁਪਤਨੀ ਸਵਰਗਵਾਸੀ ਗੁਰਸੇਵਕ ਸਿੰਘ ਜੀ ਦੀ ਅੰਤਿਮ ਅਰਦਾਸ ਗੁਰਦੁਆਰਾ ਤੀਰਸਰ ਸਾਹਿਬ ਪਿੰਡ ਤਖਤਮੱਲ ਸਿਰਸਾ ਵਿਖੇ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸ਼ਰਧਾਂਜਲੀ ਭੇਟ ਕੀਤੀ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ ਗੁਰੂ ਕਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰੂਘਰ ਦੇ ਸੇਵਾਦਾਰ ਭਾਈ ਬਲਦੇਵ ਸਿੰਘ ਆਤਲੀਆ ਦੇ ਸਪੁੱਤਰ ਭਾਈ ਬਿੱਟੂ ਸਿੰਘ ਨੂੰ ਗੁਰੂ ਜੀ ਨੇ ਭੁਚੰਗੀ ਸਿੰਘ ਦੀ ਦਾਤ ਬਖਸ਼ੀ

# ਕਾਕਾ ਏਕਮਜੀਤ ਸਿੰਘ ਦੇ ਜਨਮ ਦੀ ਖੁਸ਼ੀ ਵਿੱਚ ਗੁਰੂ ਦਾ ਸ਼ੁਕਰਾਨਾ ਕਰਦਿਆ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ, ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ










ਗੁਰੂਘਰ ਦੇ ਸੇਵਾਦਾਰ ਭਾਈ ਬਲਦੇਵ ਸਿੰਘ ਆਤਲੀਆ ਦੇ ਸਪੁੱਤਰ ਭਾਈ ਬਿੱਟੂ ਸਿੰਘ ਨੂੰ ਗੁਰੂ ਜੀ ਨੇ ਭੁਚੰਗੀ ਸਿੰਘ ਦੀ ਦਾਤ ਬਖਸ਼ੀ ਕਾਕਾ ਏਕਮਜੀਤ ਸਿੰਘ ਦੇ ਜਨਮ ਦੀ ਖੁਸ਼ੀ ਵਿੱਚ ਗੁਰੂ ਦਾ ਸ਼ੁਕਰਾਨਾ ਕਰਦਿਆ ਆਪਣੇ ਗ੍ਰਹਿ ਪਿੰਡ ਜਗਾ ਰਾਮ ਤੀਰਥ ਜਿਲਾ ਬਠਿੰਡਾ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਅੱਜ ਭੋਗ ਪਾਏ ਗਏ ਉਪਰੰਤ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ ਗੁਰੂ ਕਾ ਲੰਗਰ ਅਟੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਇੰਟਰਨੈਸ਼ਨਲ ਪੰਥਕ ਦਲ ਦੇ ਜ਼ਿਲ੍ਹਾ ਪ੍ਰਧਾਨ ਬਰਨਾਲਾ ਭਾਈ ਗੁਰਪ੍ਰੀਤ ਜੀ ਦੀ ਸਤਿਕਾਰ ਯੋਗ

# ਮਾਤਾ ਨਸੀਬ ਕੌਰ ਜੀ ਦੀ ਅੰਤਿਮ ਅਰਦਾਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਾਜ਼ਰੀ ਭਰੀ ਗਈ






**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਇੰਟਰਨੈਸ਼ਨਲ ਪੰਥਕ ਦਲ ਦੇ ਜ਼ਿਲ੍ਹਾ ਪ੍ਰਧਾਨ ਬਰਨਾਲਾ ਭਾਈ ਗੁਰਪ੍ਰੀਤ ਸਿੰਘ ਜੀ ਦੀ ਸਤਿਕਾਰ ਯੋਗ ਮਾਤਾ ਨਸੀਬ ਕੌਰ ਜੀ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ ਉਹਨਾਂ ਦੀ ਅੰਤਿਮ ਅਰਦਾਸ ਪਾਤਸ਼ਾਹੀ ਨੌਵੀ ਸੇਖਾ (ਬਰਨਾਲਾ ) ਵਿਖੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਆਗੂਆਂ ਨੇ ਹਾਜ਼ਰੀ ਭਰੀ ਜਿਸ ਵਿੱਚ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਰੀ ਪੰਜਾਬ ਪ੍ਰਧਾਨ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ , ਭਾਈ ਬਲਬੀਰ ਸਿੰਘ ਲੱਧਾ ਮੁੰਡਾ ਪ੍ਰਧਾਨ ਗੁਰਦਾਸਪੁਰ,ਜਥੇਦਾਰ ਦਲੀਪ ਸਿੰਘ ਜੀ ਚਕਰ ਆਲ ਇੰਡੀਆ ਕਨਵੀਨਰ, ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਭਾਈ ਹਰਚੰਦ ਸਿੰਘ ਜੀ ਚੱਕਰ , ਭਾਈ ਰਣਧੀਰ ਸਿੰਘ ਕਿਲਾ ਹਕੀਮਾਂ ਨੇ ਹਾਜ਼ਰੀ ਲਵਾਈ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਸੰਤ ਬਾਬਾ ਭੁਪਿੰਦਰ ਸਿੰਘ ਜੀ ਸਦਰਵਾਲ ਵਾਲਿਆਂ ਨੇ ਆਪਣੇ ਬਚਨ ਸੁਣਾ ਕੇ ਸੰਗਤ ਨੂੰ ਨਿਹਾਲ ਕੀਤਾ ਅਤੇ ਜਥੇਦਾਰ ਤੇਜਵੀਰ ਸਿੰਘ ਦਮਦਮੀ ਟਕਸਾਲ ਅੰਮ੍ਰਿਤਸਰ ਵਾਲਿਆਂ ਨੇ ਵੀ ਹਾਜ਼ਰੀ ਭਰੀ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਐਡਵੋਕੇਟ ਰਾਜਦੇਵ ਖ਼ਾਲਸਾ ਨੇ ਵੀ ਹਾਜ਼ਰੀ ਲਵਾਈ।ਇਸ ਮੌਕੇ ਭਾਈ ਕਿਰਪਾਲ ਸਿੰਘ ਰਾਗੀ ਵਾੜਾ ਸ਼ੇਰ ਸਿੰਘ ,ਬਾਬਾ ਜਰਨੈਲ ਸਿੰਘ ਇਕਾਈ ਪ੍ਰਧਾਨ ਵਾੜਾ ਸ਼ੇਰ ਸਿੰਘ , ਭਾਈ ਕਿਰਪਾਲ ਸਿੰਘ ,ਅਮਰਜੀਤ ਸਿੰਘ ਪਟਿਆਲ਼ਾ ,,ਅਮਰਜੀਤ ਸਿੰਘ ਸਰਪੰਚ ,ਬਾਬਾ ਗੁਰਦਿਆਲ ਸਿੰਘ ਭਿੰਡਰ, ਅਤੇ ਭਾਈ ਗਗਨਦੀਪ ਸਿੰਘ ਬੇਟੇ ਬਾਬਾ ਜਤਿੰਦਰ ਸਿੰਘ ਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਗੁਰਪ੍ਰੀਤ ਸਿੰਘ ਜਿਲਾ ਪ੍ਰਧਾਨ ਬਰਨਾਲਾ ਵੱਲੋਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੂਹ , ਜਿਲਾ ਪ੍ਰਧਾਨਾਂ ਅਤੇ ਜਥੇ ਦੇ ਸਾਰੇ ਸਿੰਘਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਵਰਨਜੀਤ ਕੌਰ ਦੇ ਹੱਕ ਵਿੱਚ ਪੇਧਨੀ ਕਲਾਂ 'ਚ

# ਡੋਰ ਟੂ ਡੋਰ ਕਰਕੇ ਚੋਣ ਮੁਹਿੰਮ ਨੂੰ ਭਖਾਇਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਪਣੇ ਹਲਕੇ ਵਿੱਚ ਪੈਂਦੇ ਪਿੰਡ ਪੁੰਨਾਵਾਲ ਤੋਂ ਬਲਾਕ ਸੰਮਤੀ ਦੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਸਵਰਨਜੀਤ ਕੌਰ ਨੂੰਹ ਦਰਸਨ ਸਿੰਘ ਸਕੱਤਰ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਡੋਰ ਟੂ ਡੋਰ ਕਰਕੇ ਚੋਣ ਪ੍ਰਚਾਰ ਨੂੰ ਸਿਖਰਾਂ ਤੇ ਪਹੁੰਚਾਇਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਵਰਨਜੀਤ ਕੌਰ ਨੇ ਕਿਹਾ ਕਿ ਉਹ ਆਪਣੇ ਜੋਨ ਤੋਂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਮਜਬੂਤ ਕਰਨਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਪੰਜਾਬ ਦੇ ਲੋਕ ਜ਼ਿਲਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਲੜ ਰਹੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੀ ਗਿਣਤੀ ਦੇ ਨਾਲ ਵੋਟਾਂ ਪਾ ਕੇ ਜਿਤਾਓ। ਇਸ ਮੌਕੇ ਮੱਖਣ ਸਿੰਘ ਸਰਪੰਚ, ਗਗਨਦੀਪ ਸਿੰਘ ਪੰਚ, ਮੱਖਣ ਸਿੰਘ ਪੰਚ, ਕੁਲਵਿੰਦਰ ਸਿੰਘ ਪੰਚ, ਸੁਰਜੀਤ ਸਿੰਘ ਪੰਚ, ਕੁਲਦੀਪ ਸਿੰਘ ਕਲੇਰ ਪੰਚ, ਗੁਰਦੀਪ ਸਿੰਘ ਕਲੇਰ, ,ਰਾਜਵਿੰਦਰ ਸਿੰਘ ਰਾਜਾ, ਕੁਲਵੰਤ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਆਸੀ ਮੁਫ਼ਾਦ ਲਈ ਸਰਕਾਰ ਅਤੇ ਅਕਾਲ ਤਖ਼ਤ ਸਾਹਿਬ 'ਚ ਟਕਰਾਓ ਵਾਜਬ ਨਹੀਂ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਅਕਾਲੀ ਦਲ ਨੂੰ ਕੜੇ ਸ਼ਬਦਾਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿਆਸੀ ਮਕਸਦਾਂ ਲਈ ਵਰਤਣਾ ਬੰਦ ਕਰਨ ਦੀ ਨਸੀਹਤ ਦਿੰਦੇ ਹੋਏ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪਾਂ ਦੇ ਮਾਮਲੇ 'ਚ ਕਾਨੂੰਨ ਨੂੰ ਆਪਣਾ ਕੰਮ ਕਰਨ ਦੇਣ ਅਤੇ ਇਸ ਨੂੰ ਨਿਆਇਕ ਪਟੜੀ 'ਤੇ ਹੀ ਚੱਲਣ ਦਿੱਤਾ ਜਾਵੇ। ਉਹਨਾਂ ਕਿਹਾ ਕਿ ਜਦੋਂ ਇਸ ਮਾਮਲੇ ਵਿੱਚ ਫ਼ੌਜਦਾਰੀ ਪਰਚਾ ਦਰਜ ਹੋ ਚੁੱਕਿਆ ਹੈ, ਸ਼੍ਰੋਮਣੀ ਕਮੇਟੀ ਦੁਆਰਾ ਆਪਣੀਆਂ ਨਾਕਾਮੀਆਂ ਨੂੰ ਲੁਕਾਉਣ ਅਤੇ ਸਿਆਸੀ ਦਬਾਅ ਹੇਠ ਕੰਮ ਕਰਦਿਆਂ ਇਸ ਮੁੱਦੇ ਨੂੰ ਅਕਾਲ ਤਖ਼ਤ ਸਾਹਿਬ ਕੋਲ ਭੇਜਣਾ ਤਰਕਸੰਗਤ ਨਹੀਂ ਹੈ , ਸਗੋਂ ਇਹ ਕਦਮ ਨਾਲ ਸਰਕਾਰ ਅਤੇ ਅਕਾਲ ਤਖ਼ਤ ਸਾਹਿਬ ਵਿਚਕਾਰ ਟਕਰਾਅ ਦੀ ਸਥਿਤੀ ਪੈਦਾ ਕਰਨਾ ਨਾ ਪੰਥ ਦੇ ਹਿਤ ਚ ਹੈ ਤੇ ਨਾ ਹੀ ਪੰਜਾਬ ਦੇ।



ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੋਮਣੀ ਕਮੇਟੀ ਦੀਆਂ ਉਹਨਾਂ ਦਲੀਲਾਂ, ਜਿਨ੍ਹਾਂ ਮੁਤਾਬਕ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜੇ ਮਾਮਲਿਆਂ ਵਿੱਚ ਪੁਲਿਸ ਦੀ ਦਖ਼ਲਅੰਦਾਜ਼ੀ ਸ਼੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਚੁਨੌਤੀ ਅਤੇ ਮਰਿਆਦਾ ਤੇ ਪਰੰਪਰਾ ਦੇ ਖ਼ਿਲਾਫ਼ ਹੈ, 'ਤੇ ਪ੍ਰਤੀਕ੍ਰਿਆ ਦਿੰਦੇ ਹੋਏ ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਵਿਆਖਿਆ ਇਤਿਹਾਸਕ ਤੱਥਾਂ ਦੇ ਪੂਰੀ ਤਰ੍ਹਾਂ ਉਲਟ ਹੈ। ਉਹਨਾਂ ਯਾਦ ਦਵਾਇਆ ਕਿ ਪਿਛਲੇ ਸਮੇਂ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸੰਬੰਧਿਤ ਕਈ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਸਬੰਧੀ ਪੁਲਿਸ ਦੁਆਰਾ ਪਰਚਾ ਦਰਜ ਕਰਕੇ ਕਾਰਵਾਈ ਕੀਤੀ ਗਈ , ਜਿਨ੍ਹਾਂ ਵਿੱਚ ਬੁਰਜ ਜਵਾਹਰ ਸਿੰਘ ਬਰਗਾੜੀ ਬੇਅਦਬੀ ਅਤੇ ਅਨੇਕਾਂ ਮਾਮਲੇ ਗਿਣਾਏ ਜਾ ਸਕਦੇ ਹਨ। ਫਿਰ ਅੱਜ ਇਹ ਦਲੀਲ ਦੇਣਾ ਕਿ ਪੁਲਿਸ ਕਾਰਵਾਈ ਮਰਿਆਦਾ ਦੇ ਵਿਰੁੱਧ ਹੈ, ਸਿਰਫ਼ ਸਿਆਸੀ ਢਕਵੰਜ ਨੂੰ ਦਰਸਾਉਂਦਾ ਹੈ।

ਪ੍ਰੋ. ਖਿਆਲਾ ਨੇ ਸ਼੍ਰੋਮਣੀ ਕਮੇਟੀ ਦੀ ਪ੍ਰਬੰਧਕੀ ਅਸਮਰਥਾ ਉੱਪਰ ਸਵਾਲ ਚੁੱਕਦਿਆਂ ਕਿਹਾ ਕਿ ਕਮੇਟੀ ਦੇ ਅੰਦਰ ਕੁਸ਼ਲ ਪ੍ਰਬੰਧਕਾਂ ਦੀ ਘਾਟ ਅਤੇ ਸਿਆਸੀ ਦਖ਼ਲਅੰਦਾਜ਼ੀ ਕਰਕੇ ਇਹ ਸੰਸਥਾ ਨਿੱਤ ਨਵੇਂ ਵਿਵਾਦਾਂ ਵਿੱਚ ਘਿਰਦੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਕਾਲੀ ਆਗੂਆਂ ਦੇ ਆਦੇਸ਼ ਦੀ ਪਾਲਣਾ ਅਤੇ ਸਿਆਸੀ ਦਬਾਅ ਇਸ ਸੰਸਥਾ ਨੂੰ ਹੋਰ ਨਿਮਾਣਾ ਵੱਲ ਲਿਜਾਣ ਦਾ ਸਬੱਬ ਬਣ ਰਿਹਾ ਹੈ।

ਉਹਨਾਂ ਕਿਹਾ ਕਿ ਅਗਸਤ 2020 ਵਿੱਚ ਜਦੋਂ ਡਾ. ਈਸ਼ਰ ਸਿੰਘ ਦੀ ਪੜਤਾਲ ਰਿਪੋਰਟ ਅਕਾਲ ਤਖ਼ਤ ਸਾਹਿਬ ਦੁਆਰਾ ਸ਼੍ਰੋਮਣੀ ਕਮੇਟੀ ਨੂੰ ਸੌਂਪੀ ਗਈ ਸੀ, ਤਾਂ ਉਸ ਵੇਲੇ ਅਕਾਲ ਤਖ਼ਤ ਸਾਹਿਬ ਦੇ ਸੁਝਾਅ 'ਤੇ ਉਸ ਸਮੇਂ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ 'ਚ ਅੰਤ੍ਰਿੰਗ ਕਮੇਟੀ ਨੇ ਦੋਸ਼ੀਆਂ ਖ਼ਿਲਾਫ਼ ਫ਼ੌਜਦਾਰੀ ਕਾਰਵਾਈ ਕਰਨ ਦਾ ਫ਼ੈਸਲਾ ਕੀਤਾ ਸੀ। ਜਿਸ ਬਾਰੇ ਅੱਜ ਖ਼ੁਦ ਮੌਜੂਦਾ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਇਹ ਮੰਨ ਰਹੇ ਹਨ ਕਿ ਉਸ ਵਕਤ ਕੁਝ ਕਰਮਚਾਰੀਆਂ ਖ਼ਿਲਾਫ਼ ਕੇਸ ਦਰਜ ਕਰਨ ਦਾ ਫ਼ੈਸਲਾ ਹੋਇਆ ਸੀ, ਪਰ ਬਾਅਦ ਵਿੱਚ ਉਸ ਫ਼ੈਸਲੇ 'ਤੇ ਯੂ-ਟਰਨ ਲੈ ਲਿਆ ਗਿਆ।

ਪ੍ਰੋ. ਖਿਆਲਾ ਨੇ ਕਿਹਾ ਕਿ ਬਿਨਾ ਸ਼ੱਕ ਇਹ ਯੂ-ਟਰਨ ਸਿਆਸੀ ਦਬਾਅ ਹੇਠ ਲਿਆ ਗਿਆ, ਅਤੇ ਸ਼੍ਰੋਮਣੀ ਕਮੇਟੀ ਨੂੰ ਇਹ ਸਪਸ਼ਟ ਕਰਨਾ ਚਾਹੀਦਾ ਹੈ ਕਿ ਕਿਸ ਦੇ ਚਹੇਤੇ ਲੋਕਾਂ ਨੂੰ ਬਚਾਉਣ ਲਈ ਇਹ ਫ਼ੈਸਲਾ ਤਬਦੀਲ ਕੀਤਾ ਗਿਆ ਸੀ ? ਉਹਨਾਂ ਕਿਹਾ ਕਿ ਇਹ ਨਹੀਂ ਭੁੱਲਣਾ ਚਾਹੀਦਾ ਕਿ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਅਤੇ ਅਧਿਕਾਰੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਦਬ ਸਤਿਕਾਰ ਕਾਇਮ ਨਾ ਰੱਖ ਸਕਣ ਦੇ ਦੋਸ਼ 'ਚ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਹੋਏ। ਕਸੂਰਵਾਰ ਕਰਮਚਾਰੀਆਂ ਖ਼ਿਲਾਫ਼ ਫ਼ੌਜਦਾਰੀ ਕੇਸ ਦਰਜ ਕਰਨ ਸਬੰਧੀ ਸ਼੍ਰੋਮਣੀ ਕਮੇਟੀ ਨੇ ਉਸ ਵਕਤ ਚਾਰ ਵਕੀਲਾਂ ਦਾ ਪੈਨਲ ਵੀ ਬਣਾਇਆ ਸੀ।

ਪ੍ਰੋ. ਖਿਆਲਾ ਨੇ ਜ਼ੋਰ ਦਿੱਤਾ ਕਿ ਪੂਰਾ ਸੱਚ ਸਾਹਮਣੇ ਆਉਣਾ ਚਾਹੀਦਾ ਹੈ ਅਤੇ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਅਣਗਹਿਲੀ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ, ਚਾਹੇ ਉਹ ਕਿਸੇ ਵੀ ਅਹੁਦੇ, ਪਦਵੀ ਜਾਂ ਸਿਆਸੀ ਪਿੱਠਭੂਮੀ ਵਾਲਾ ਹੋਵੇ।

# ਪਿੰਡ ਪਾਖਰਪੁਰ ਚੋਂ 25 ਪਰਿਵਾਰ ਅਕਾਲੀ ਦਲ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਚੋਂ ਸ਼ਾਮਿਲ ਸਿਆਲਕਾ ਨੇ ਕੀਤਾ ਸਨਮਾਨ



**ਚੌਕ ਮਹਿਤਾ, 11 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਮਜੀਠਾ ਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਪਾਖਰਪੁਰ ਪਿੰਡ ਤੋਂ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਨੂੰ ਛੱਡ ਪੰਜੀ ਦੇ ਕਰੀਬ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਨੂੰ ਸਾਬਕਾ ਚੇਅਰਮੈਨ ਤਰਸੇਮ ਸਿੰਘ ਸਿਆਲਕਾ ਵੱਲੋਂ ਸਨਮਾਨਿਤ ਕੀਤਾ ਗਿਆ ਇਸ ਮੌਕੇ ਗੱਲਬਾਤ ਕਰਦਿਆਂ ਸਾਬਕਾ ਚੇਅਰਮੈਨ ਤਰਸੇਮ ਸਿੰਘ ਸਿਆਲਕਾ ਨੇ ਕਿਹਾ ਕਿ ਬਲਾਕ ਸੰਮਤੀ ਜਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਇਤਿਹਾਸਿਕ ਜਿੱਤ ਹੋਵੇਗੀ ਅਤੇ2027 ਵਿਧਾਨ ਸਭਾ ਚੋਣਾਂ ਚ ਦਾ ਨੀਹ ਪੱਥਰ ਸਾਬਿਤ ਹੋਏਗੀ ਇਸ ਮੌਕੇ ਸ਼ਾਮਿਲ ਹੋਣ ਵਾਲਿਆਂ ਵਿੱਚ ਪਿੰਡ ਪਾਖਰਪੁਰ ਤੋਂ ਯੂਥ ਆਗੂ ਬਲਵਿੰਦਰ ਸਿੰਘ ਸੋਨੀ ਸਾਬਕਾ ਮੈਂਬਰ ਪੰਚਾਇਤ ਕੁਲਵੰਤ ਸਿੰਘ ਮਨਜੀਤ ਸਿੰਘ ਪਲਵਿੰਦਰ ਸਿੰਘ ਬਾਊ ਢਿੱਲੋਂ ਦਿਲਬਾਗ ਸਿੰਘ ਢਿੱਲੋਂ ਬਲਵਿੰਦਰ ਸਿੰਘ ਘੁੱਲਾ ਮੇਜਰ ਸਿੰਘ ਗੁਰਜੰਟ ਸਿੰਘ ਸਵਿੰਦਰ ਸਿੰਘ ਬਲਕਾਰ ਸਿੰਘ ਹਰਪ੍ਰੀਤ ਸਿੰਘ ਹਰਮਨ ਸਿੰਘ ਦਿਲਬਾਗ ਸਿੰਘ ਨਿਰਮਲ ਸਿੰਘ ਸੁਖਬੀਰ ਸਿੰਘ ਫੌਜੀ ਪ੍ਰਭਜੋਤ ਸਿੰਘ ਜੋਤੀ ਗੁਰਜੰਟ ਸਿੰਘ ਚਤੁਰਪਾਲ ਸਿੰਘ ਫੌਜੀ ਚੱਤੂ ਹਰਪ੍ਰੀਤ ਸਿੰਘ ਹਰਪ੍ਰੀਤ ਹੈਪੀ ਦੋਧੀ ਬਲਕਾਰ ਸਿੰਘ ਦੋਧੀ ਮਨਜੀਤ ਸਿੰਘ ਮੰਨਾ ਢਿੱਲੋ ਇਸ ਮੌਕੇ ਪਰਮਜੀਤ ਸਿੰਘ ਸੁੱਖ ਅੰਮ੍ਰਿਤਸਰ ਬਾਬਾ ਲਛਮਣ ਸਿੰਘ ਅਬਦਾਲ ਯੂਥ ਆਗੂ ਰੰਧਾਵਾ ਆਦਿ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ ਜ ਆਦ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਲੋਕਾਂ ਦੇ ਇਕੱਠ ਨੇ ਦੱਸ ਦਿੱਤਾ ਕਿ ਸੋਢੀ ਭੁੱਲਰ ਦੀ ਜਿੱਤ ਪੱਕੀ ਹੈ ਐਲਾਨ ਹੋਣਾ ਬਾਕੀ : ਈ.ਟੀ.ਓ.**

# ਅਮਰੀਕ ਸਿੰਘ ਸੋਢੀ ਦੇ ਹੱਕ 'ਚ ਈ.ਟੀ.ਓ ਨੇ ਰੋਡ ਸ਼ੋਅ ਕੱਢਿਆ



**ਜੰਡਿਆਲਾ ਗੁਰੂ, 11 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਪੂਰੇ ਪੰਜਾਬ ਵਿੱਚ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਆਖੀਰਲੇ ਪੜ੍ਹਾ ਤੇ ਪੁਹੰਚ ਚੁੱਕੀਆਂ ਹਨ ਅਤੇ ਵੱਖ ਵੱਖ ਰਾਜਨੀਤਿਕ ਨੇਤਾ ਆਪੋ ਆਪਣੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਕੇ ਆਮ ਲੋਕਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਤੋਂ ਜਾਣੂੰ ਕਰਵਾ ਰਹੇ ਹਨ ਅਤੇ ਦਿਨ ਰਾਤ ਇੱਕ ਕਰਕੇ ਮਿਹਨਤ ਕਰ ਰਹੇ ਹਨ ।ਅਤੇ ਸਾਰੀਆਂ ਹੀ ਪਾਰਟੀਆਂ ਵੱਲੋਂ ਅੱਡੀ ਚੋਟੀ ਦਾ ਜ਼ੋਰ ਲਗਾਇਆ ਜਾ ਰਿਹਾ ਹੈ । ਅਤੇ ਆਪੋ ਆਪਣੇ ਉਮੀਦਵਾਰਾਂ ਦੇ ਪ੍ਰਤੀ ,ਪਿੰਡਾਂ ਵਿੱਚ ਚੋਣ ਪ੍ਰਚਾਰ ਤੇਜ਼ੀ ਨਾਲ ਕਰ ਰਹੇ ਹਨ ।ਇਸੇ ਲੜੀ ਤਹਿਤ ਬਲਾਕ ਸੰਮਤੀ ਜੰਡਿਆਲਾ ਗੁਰੂ ਹਲਕੇ ਗਹਿਰੀ ਮੰਡੀ ਜੋਨ ਤੋਂ ਆਮ ਆਦਮੀ ਪਾਰਟੀ ਦੇ ਬਲਾਕ ਸੰਮਤੀ ਉਮੀਦਵਾਰ ਸ੍ਰ: ਅਮਰੀਕ ਸਿੰਘ ਸੋਢੀ ਚੋਣ ਲੜ ਰਹੇ ਹਨ।ਅੱਜ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਸ੍ਰ: ਹਰਭਜਨ ਸਿੰਘ ਈਟੀਓ ਵੱਲੋਂ ਸ੍ਰ ਅਮਰੀਕ ਸਿੰਘ ਸੋਢੀ ਦੇ ਹੱਕ ਵਿੱਚ ਵੱਡੇ ਪੱਧਰ ਤੇ ਰੋਡ ਸ਼ੋ ਕੱਢਿਆ ਗਿਆ ।ਜਿਸ ਵਿੱਚ ਗਹਿਰੀ ਮੰਡੀ, ਧੀਰੇਕੋਟ, ਬਮਾ ਦੇ ਹਜਾਰਾਂ ਵੋਟਰਾਂ ਸਮਰਥਕਾਂ ਆਗੂਆਂ ਨੇ ਰੋਡ ਸ਼ੋ ਵਿੱਚ ਹਿੱਸਾ ਲਿਆ। ਇਸ ਮੌਕੇ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਆਪਣੇ ਕੀਤੇ ਹੋਏ ਕੰਮਾਂ ਤੋਂ ਲੋਕਾਂ ਨੂੰ ਜਾਣੂੰ ਕਰਵਾਇਆ ਤੇ ਉਹਨਾਂ ਨੇ ਕਿਹਾ ਕਿ ਲੋਕ ਅੱਜ ਕੱਲ ਬਹੁਤ ਸਿਆਣੇ ਹੋ ਚੁੱਕੇ ਹਨ ਇਹ ਵਿਧਾਇਕਾਂ ਦੇ ਕੰਮਾਂ ਨੂੰ ਵੇਖ ਕੇ ਹੀ ਉਮੀਦਵਾਰ ਚੁਣਦੇ ਹਨ ਅਤੇ ਸੋਚ ਸਮਝ ਕੇ ਵੋਟ ਪਾਉਂਦੇ ਹਨ ! ਸ੍ਰ: ਈ.ਟੀ.ਓ ਨੇ ਪਿਛਲੀਆਂ ਸਰਕਾਰਾਂ ਤੇ ਤੰਜ ਕਸਦੇ ਹੋਏ ਕਿਹਾ ਕਿ ਸਾਡੀ ਸਰਕਾਰ ਵਿੱਚ ਗਰਾਊਂਡ ਲੈਵਲ ਤੇ ਸਭ ਤੋਂ ਵੱਧ ਕੰਮ ਹੋਏ ਹਨ। ਉਹਨਾਂ ਨੇ ਜੰਡਿਆਲਾ ਗੁਰੂ ਬਾਰੇ ਦੱਸਿਆ ਕਿ ਜੰਡਿਆਲਾ ਗੁਰੂ ਵਿੱਚ ਵਿਕਾਸ ਦੀ ਕਿਸੇ ਵੀ ਤਰ੍ਹਾਂ ਦੀ ਕੋਈ ਢਿੱਲ ਨਹੀਂ ਹੋਏਗੀ ਤੇ ਜੰਡਿਆਲਾ ਗੁਰੂ ਵਿੱਚ ਵੱਡੇ ਪੱਧਰ ਤੇ ਵਿਕਾਸ ਹੋਏ ਹਨ ਅਤੇ ਹੋ ਰਹੇ ਹਨ। ਇਸ ਮੌਕੇ ਤੇ ਰੋਡ ਸ਼ੋ ਵਿੱਚ ਬਹੁਤ ਹੀ ਵੱਡੀ ਪੱਧਰ ਤੇ ਲੋਕਾਂ ਦੀ ਹੋਈ ਇਸ ਸਮੂਲੀਅਤ ਨੇ ਅੱਜ ਦੱਸ ਦਿੱਤਾ ਹੈ ਕਿ ਅਮਰੀਕ ਸਿੰਘ ਸੋਢੀ ਭੁੱਲਰ ਦੀ ਜਿੱਤ ਪੱਕੀ ਹੈ ਅਤੇ ਕਿਸੇ ਨਾਲ ਕੋਈ ਮੁਕਾਬਲਾ ਨਹੀਂ ਹੈ ਕਿਉਂਕਿ ਇਸ ਇਕੱਠ ਚ ਸੋਢੀ ਭੁੱਲਰ ਜਿੱਤ ਚੁੱਕੇ ਹਨ ਬਸ ਐਲਾਨ ਹੋਣਾ ਬਾਕੀ ਹੀ ਹੈ।

**ਬਾਬਾ ਸੁਖਵੰਤ ਸਿੰਘ ਚੰਨਣਕੇ ਨਾਲ**

# ਤਲਬੀਰ ਸਿੰਘ ਗਿੱਲ ਨੇ ਕੀਤਾ ਦੁੱਖ ਸਾਂਝਾ



**ਮਹਿਤਾ ਚੌਕ, 11 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਦਿਨੀਂ ਸਮਾਜ ਸੇਵੀ ਪੱਤਰਕਾਰ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਧਰਮ ਪਤਨੀ ਬੀਬੀ ਹਰਜਿੰਦਰ ਕੌਰ ਦੀ ਅਚਾਨਕ ਮੌਤ ਹੋਣ ਕਾਰਨ ਮਜੀਠਾ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਤੇ ਉਨ੍ਹਾਂ ਦੇ ਨਾਲ ਸਰਪੰਚ ਕੁਲਵਿੰਦਰ ਸਿੰਘ ਮਿਠਾ, ਸਰਪੰਚ ਸੁਰਜੀਤ ਸਿੰਘ ਭੋਏਵਾਲ, ਸਰਪੰਚ ਸ਼ਿਵਰਾਜ ਸਿੰਘ ਭੀਲੋਵਾਲ, ਸਰਪੰਚ ਲਖਵਿੰਦਰ ਸਿੰਘ ਨਾਥ ਦੀ ਖੂਹੀ, ਸਿੰਕਦਰ ਸਿੰਘ ਭੋਏਵਾਲ, ਪ੍ਰਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ, ਪਰਮਜੀਤ ਸਿੰਘ ਮੱਤੇਵਾਲ,ਦੀਦਾਰ ਸਿੰਘ ਸਹੋਤਾ,ਜਗੀਰ ਸਿੰਘ, ਜਥੇਦਾਰ ਜਗਤਾਰ ਸਿੰਘ, ਜਥੇਦਾਰ ਬਲਦੇਵ ਸਿੰਘ, ਹਲਕਾ ਮਜੀਠਾ ਦੇ ਮੀਡੀਆ ਇੰਚਾਰਜ ਡਾ, ਨਿਸ਼ਾਨ ਸਿੰਘ ਅਰਜਨ ਮਾਂਗਾ, ਮਲਕੀਅਤ ਸਿੰਘ ਬਾਠ, ਪ੍ਰਧਾਨ ਗੁਰਪ੍ਰੀਤ ਸਿੰਘ, ਗੁਰਚਰਨ ਸਿੰਘ ਨਾਥ ਦੀ ਖੂਹੀ,ਜਰਮਨ ਸਿੰਘ, ਕਵਲਜੀਤ ਸਿੰਘ, ਜਸਵਿੰਦਰ ਸਿੰਘ ਰਵੀ,ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਠਾਠਾਂ ਮਾਰਦੇ ਇਕੱਠ ਨੇ ਬੀਬੀ ਰਾਜਵਿੰਦਰ ਕੌਰ ਦੀ ਜਿੱਤ ਤੇ ਲਾਈ ਮੋਹਰ : ਈ.ਟੀ.ਓ.



**ਚੌਕ ਮਹਿਤਾ, 11 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਵੱਲੋਂ ਜੋਨ ਖੱਬੇਰਜਪੂਤਾਂ ਤੋਂ ਬਲਾਕ ਸੰਮਤੀ ਦੀ ਉਮੀਦਵਾਰ ਬੀਬੀ ਰਾਜਵਿੰਦਰ ਕੌਰ ਪਤਨੀ ਹਰਜੀਤ ਸਿੰਘ ਮਹਿਤੀਆ ਦੀ ਚੋਣ ਮੁਹਿੰਮ ਨੂੰ ਹੁਲਾਰਾ ਦੇਣ ਲਈ ਅੱਜ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਪਿੰਡ ਖੱਬੇਰਾਜਪੂਤਾਂ ਵਿਖੇ ਪਹੁੰਚੇ। ਉਨਾਂ ਦੇ ਨਾਲ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਸਰਪੰਚ ਪਰਮਜੀਤ ਕੌਰ, ਸਰਪੰਚ ਬਲਜੀਤ ਸਿੰਘ ਸੈਦੋਕੇ, ਸਰਪੰਚ ਨਿਸ਼ਾਨ ਸਿੰਘ ਗੋਲਡੀ ਵੀ ਮੌਜੂਦ ਸਨ। ਇਥੇ ਰੱਖੀ ਚੋਣ ਮੀਟਿੰਗ ਵਿੱਚ ਸਬੰਧਤ ਜੋਨ ਦੇ ਲੋਕ ਵਹੀਰਾਂ ਘੱਤ ਕੇ ਪਹੁੰਚੇ ਅਤੇ ਇਸ ਮੀਟਿੰਗ ਨੇ ਵੱਡੇ ਜਲਸੇ ਦਾ ਰੂਪ ਧਾਰਨ ਕਰ ਲਿਆ। ਇਸ ਦੌਰਾਨ ਮੰਤਰੀ ਈ.ਟੀ.ਓ. ਨੇ ਆਪਣੇ ਸੰਬੋਧਨ ਕਰਦਿਆਂ ਆਖਿਆ ਕਿ ਅੱਜ ਦੇ ਠਾਠਾਂ ਮਾਰਦੇ ਇਕੱਠ ਨੇ ਬੀਬੀ ਰਾਜਵਿੰਦਰ ਕੌਰ ਮਹਿਤੀਆ ਦੀ ਜਿੱਤ ਤੇ ਮੋਹਰ ਲਗਾ ਦਿੱਤੀ ਹੈ। ਉਨਾਂ ਕਿਹਾ ਕਿ ਆਪ ਸਰਕਾਰ ਦੁਆਰਾ ਲੋਕ ਹਿਤ ਵਿਚ ਲਏ ਇਤਹਾਸਿਕ ਫੈਸਲਿਆਂ ਅਤੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪੰਜਾਬ ਦੇ ਲੋਕ ਪੂਰੀ ਤਰਾਂ ਖੁਸ਼ ਹਨ। ਜੋ ਇਨਾਂ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਪ ਦੇ ਉਮੀਦਵਾਰਾਂ ਨੂੰ ਭਾਰੀ ਵੋਟਾਂ ਨਾਲ ਜਿਤਾਉਣਗੇ।

# ਦੀਦਾਰ ਸਿੰਘ ਮਲਕ ਗਾਲਿਬ ਜੋਨ ਤੋਂ ਵੱਡੀ ਲੀਡ ਨਾਲ ਜਿੱਤ ਹਾਸਲ ਕਰੇਗਾ- ਕਲੇਰ, ਗਰੇਵਾਲ





ਜਗਰਾਉਂ (ਵਰਿਆਮ ਹਠੂਰ) ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਸ. ਦੀਦਾਰ ਸਿੰਘ ਮਲਕ ਨੂੰ ਪਿੰਡ ਗਾਲਿਬ ਕਲਾ ਲੱਡੂਆਂ ਨਾਲ ਤੋਲਿਆ ਗਿਆ, ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐੱਸ ਆਰ ਕਲੇਰ ਸਾਬਕਾ ਵਿਧਾਇਕ ਜਗਰਾਉਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਮੈਂਬਰ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਗਾਲਿਬ ਜੋਨ ਦੇ ਉਮੀਦਵਾਰ ਦੀਦਾਰ ਸਿੰਘ ਮਲਕ ਅਤੇ ਬਲਾਕ ਸੰਮਤੀ ਜੋਨ ਗਾਲਿਬ ਦੇ ਉਮੀਦਵਾਰ ਬੀਬੀ ਗੁਰਮੀਤ ਕੌਰ ਦੇ ਹੱਕ ਵਿੱਚ ਪਿੰਡ ਗਾਲਿਬ ਕਲਾਂ ਚੋਣਾਂ ਦੀਆਂ ਗਤੀਵਿਧੀਆਂ ਨੂੰ ਤੇਜ ਕਰਦੇ ਹੋਏ ਵੱਡੀ ਗਿਣਤੀ ਉਮੀਦਵਾਰਾਂ ਨੂੰ ਵੋਟ ਪਾ ਕੇ ਜਿਤਾਉਣ ਲਈ ਅਪੀਲ ਕੀਤੀ, ਇਸ ਮੌਕੇ ਗੱਲਬਾਤ ਕਰਦਿਆਂ ਐੱਸ ਆਰ ਕਲੇਰ ਅਤੇ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਪੂਰੀ ਤਨਦੇਹੀ ਨਾਲ ਸਾਥ ਦੇਣ ਦਾ ਸਾਨੂੰ ਵਿਸ਼ਵਾਸ਼ ਦਿਵਾਇਆ ਗਿਆ ਹੈ। ਤੇ ਹਲਕੇ ਦੀ ਸੰਗਤ ਵੱਲੋ ਪ੍ਰਚਾਰ ਦੌਰਾਨ ਬਹੁਤ ਭਰਵਾਂ ਹੁੰਗਾਰਾ ਮਿਲਿਆ ਹੈ। ਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਉਣ ਲਈ ਸੰਗਤ ਵੱਲੋਂ ਇਸ ਵਾਰ ਚੋਣ ਨਿਸ਼ਾਨ ਤੱਕੜੀ ਤੇ ਮੋਹਰਾਂ ਲਾਉਣ ਦਾ ਵਿਸ਼ਵਾਸ ਪ੍ਰਗਟ ਕੀਤਾ ਗਿਆ ਇਸ ਮੌਕੇ ਹਾਜ਼ਰ ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਪੰਚ ਵਿਕੀ, ਸਰਬਜੀਤ ਸਿੰਘ ਗਾਲਿਬ ਤੇ ਵੱਡੀ ਗਿਣਤੀ ਵਿੱਚ ਬੀਬੀਆਂ ਤੇ ਹੋਰ ਵੋਟਰ ਅਤੇ ਸਪੋਟਰ ਹਾਜ਼ਰ ਸਨ।

# ਮੱਲ੍ਹੀ ਟਰਾਂਸਪੋਰਟ ਵਾਲਿਆ ਦੀ ਜਿੱਤ ਪੱਕੀ ਐਲਾਨ ਹੋਣਾ ਬਾਕੀ ਹੈ:- ਲੱਡਾ ਧਾਰੜ



ਜੰਡਿਆਲਾ ਗੁਰੂ 11ਦਸੰਬਰ ( ਕੁਲਵੰਤ ਸਿੰਘ ਵਿਰਦੀ ) ਆਮ ਆਦਮੀ ਪਾਰਟੀ ਵੱਲੋਂ ਬਲਾਕ ਸੰਮਤੀ ਦੇ ਚੋਣ ਮੈਦਾਨ ਵਿੱਚ ਨਿਤਰੇ ਪੜ੍ਹੇ ਲਿਖੇ ਸੂਝਵਾਨ ਅਤੇ ਲੋੜਵੰਦਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਸਰਦਾਰ ਬਿਕਰਮਜੀਤ ਸਿੰਘ ਮੱਲੀ (ਮੱਲੀ ਟ੍ਰਾਂਸਪੋਰਟ ਵਾਲਿਆਂ) ਨੂੰ ਹਲਕਾ ਜੰਡਿਆਲਾ ਗੁਰੂ ਦੇ ਜੋਨ ਮੱਲੀਆਂ ਤੋਂ ਆਪ ਦੇ ਚੋਣ ਨਿਸ਼ਾਨ ਝਾੜੂ ਤੇ ਲੜਨ ਲਈ ਆਪ ਪਾਰਟੀ ਵੱਲੋਂ ਉਮੀਦਵਾਰ ਐਲਾਨਿਆ ਹੈ ਇਹਨਾਂ ਪ੍ਰਗਟਾਵਾਂ ਦਾ ਲੱਡਾ ਪ੍ਰਧਾਨ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝੇ ਕੀਤੇ ਤੇ ਅੱਗੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬਿਕਰਮਜੀਤ ਸਿੰਘ ਮੱਲੀ ਨੂੰ ਬਲਾਕ ਸੰਮਤੀ ਦੇ ਉਮੀਦਵਾਰ ਵਜੋਂ ਭਾਰੀ ਬਹੁਮਤ ਨਾਲ ਜਿੱਤ ਦਰਜ ਕਰਾਂਕੇ ਜੋ ਜਿੱਤ ਸਾਡੀ ਪੱਕੀ ਹੈ ਐਲਾਨ ਹੋਣਾ ਬਾਕੀ ਹੈ ਅਸੀਂ ਪੰਜਾਬ ਦੇ ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਦੀ ਝੋਲੀ ਵਿੱਚ ਪਾਵਾਂਗੇ ਜਿਸ ਨਾਲ ਪੰਜਾਬ ਦਾ ਮਾਣ ਸਰਦਾਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੇ ਕੀਤੇ ਹੋਏ ਪੂਰੇ ਪੰਜਾਬ ਵਿੱਚ ਵਿਕਾਸ ਕਾਰਜਾਂ ਤੇ ਮੋਹਰ ਲੱਗੇਗੀ ਲੰਡੇ ਪ੍ਰਧਾਨ ਨੇ ਮੱਲ੍ਹੀਆਂ ਜੋਂਨ ਦੇ ਪਿੰਡ ਗੁੰਨੋਵਾਲ,ਪਿੰਡ ਧਾਰੜ ਦੇ ਸਮੂਹ ਵੋਟਰਾਂ ਨੂੰ ਹੱਥ ਜੋੜ ਕੇ ਅਪੀਲ ਕੀਤੀ ਹੈ ਕਿ ਵੱਧ ਤੋਂ ਵੱਧ ਵੋਟਾਂ ਪਾ ਕੇ ਮੱਲੀ ਟਰਾਂਸਪੋਰਟ ਵਾਲਿਆਂ ਨੂੰ ਜਿੱਤ ਦਵਾਉ ਤਾਂ ਪਿੰਡਾਂ ਦੀਆ ਸਹੂਲਤਾਂ ਬਲਾਕ ਸੰਮਤੀ ਦਫਤਰਾਂ ਚ ਜੋ ਘੁੰਮ ਕੇ ਵਾਪਿਸ ਚੱਲ ਜਾਂਦੀਆਂ ਹਨ ਉਹ ਸਹੂਲਤਾਂ ਨੂੰ ਆਪਣੇ ਪਿੰਡਾਂ ਵਿੱਚ ਲੱਗ ਸਕਣ !

### ਹਠੂਰ ਵਿੱਚ ਅੰਮ੍ਰਿਤਾ ਵੜਿੰਗ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ

# ਉਮੀਦਵਾਰਾਂ ਨੂੰ ਜਿਤਾਉਣ ਲਈ ਕੀਤੀ ਅਪੀਲ







**ਜਗਰਾਉਂ, (ਵਰਿਆਮ ਹਠੂਰ)**-ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਧਰਮ ਪਤਨੀ ਸੀਨੀਅਰ ਆਗੂ ਬੀਬੀ ਅੰਮ੍ਰਿਤਾ ਵੜਿੰਗ ਵੱਲੋਂ ਅੱਜ ਜੋਨ ਮਾਣੂੰਕੇ ਦੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਅਤੇ ਬਲਾਕ ਸੰਮਤੀ ਦੇ ਹਠੂਰ ਅਤੇ ਬੁਰਜ ਕਲਾਰਾ ਤੋਂ ਉਮੀਦਵਾਰ ਪੰਚ ਰਣਯੋਧ ਸਿੰਘ ਜੋਧਾ ਹਠੂਰ ਦੇ ਹੱਕ ਵਿੱਚ ਅੱਜ ਰਣਯੋਧ ਸਿੰਘ ਜੋਧਾ ਹਠੂਰ ਦੇ ਗ੍ਰਹਿ ਵਿਖੇ ਚੋਣ ਪ੍ਰਚਾਰ ਕੀਤਾ ਗਿਆ, ਵੱਡੀ ਗਿਣਤੀ ਵਿੱਚ ਇਕੱਤਰ ਹੋਏ ਲੋਕਾਂ ਨੂੰ ਸਭ ਤੋਂ ਪਹਿਲਾਂ ਸੀਨੀਅਰ ਆਗੂ ਨਵਦੀਪ ਗਰੇਵਾਲ ਨੇ ਸੰਬੋਧਨ ਕਰਦਿਆਂ ਜੋਨ ਮਾਣੂੰਕੇ ਦੇ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਅਤੇ ਬਲਾਕ ਸੰਮਤੀ ਉਮੀਦਵਾਰ ਰਣਜੋਧ ਸਿੰਘ ਜੋਧਾ ਹਠੂਰ ਨੂੰ ਜਿਤਾਉਣ ਲਈ ਆਪਣਾ ਕੀਮਤੀ ਵੋਟ ਦੇਣ ਲਈ ਕਿਹਾ, ਇਸ ਮੌਕੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ ਨੇ ਸੰਬੋਧਨ ਕੀਤਾ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਅਤੇ ਬਲਾਕ ਸੰਮਤੀ ਉਮੀਦਵਾਰ ਰਣਜੋਧ ਸਿੰਘ ਜੋਧਾ ਹਠੂਰ ਨੂੰ ਜਿਤਾਉਣ ਲਈ ਅਪੀਲ ਕੀਤੀ, ਇਸ ਮੌਕੇ ਬੋਲਦਿਆਂ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਧਰਮ ਪਤਨੀ ਬੀਬੀ ਅੰਮ੍ਰਿਤਾ ਵੜਿੰਗ ਨੇ ਕਿਹਾ ਕਿ ਜੇ ਸਭ ਤੋਂ ਜ਼ਿਆਦਾ ਵਿਕਾਸ ਦੇਸ਼ ਦਾ ਕੀਤਾ ਹੈ। ਤਾਂ ਉਹ ਇੱਕੋ ਇੱਕ ਕਾਂਗਰਸ ਪਾਰਟੀ ਹੈ। ਜਿਸ ਨੇ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਮਿਹਨਤ ਕੀਤੀ, ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਮੌਕੇ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਹੋਵੇਗੀ। ਉਨ੍ਹਾਂ ਇਕੱਤਰ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸ ਨੂੰ ਹੋਰ ਮਜ਼ਬੂਤ ਕਰਨ ਲਈ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਅਤੇ ਬਲਾਕ ਸੰਮਤੀ ਦੇ ਉਮੀਦਵਾਰ ਰਣਯੋਧ ਸਿੰਘ ਜੋਧਾ ਹਠੂਰ ਨੂੰ ਆਪਣਾ ਕੀਮਤੀ ਵੋਟ ਦੇਣ, ਉਨ੍ਹਾਂ ਕਿਹਾ ਕਿ ਜੇ ਕਾਂਗਰਸ ਦਾ ਹੱਥ ਪੰਜਾ ਮਜ਼ਬੂਤ ਹੋਵੇਗਾ ਤਾਂ ਹੀ ਤੁਹਾਡੇ ਪਿੰਡਾਂ ਦੀ ਨੁਹਾਰ ਬਦਲੇਗੀ, ਉਨ੍ਹਾਂ ਹਠੂਰ ਦੀ ਕਾਂਗਰਸੀ ਟੀਮ ਨੂੰ ਲਗਾਤਾਰ ਮਿਹਨਤ ਕਰਨ ਲਈ ਕਿਹਾ, ਸੀਨੀਅਰ ਆਗੂ ਰਜੇਸ਼ ਇੰਦਰ ਸਿੰਘ ਸਿੱਧੂ ਅਤੇ ਸੀਨੀਅਰ ਆਗੂ ਮੇਜ਼ਰ ਸਿੰਘ ਮੁੱਲਾਂਪੁਰ ਨੇ ਹਠੂਰ ਦੀ ਕਾਂਗਰਸੀ ਟੀਮ ਨੂੰ ਤਕੜੇ ਹੋ ਕੇ ਮਿਹਨਤ ਕਰਨ ਲਈ ਕਿਹਾ, ਅੰਤ ਵਿੱਚ ਨਗਰ ਦੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਧਰਮ ਪਤਨੀ ਐਡਵੋਕੇਟ ਗੁਰਮੇਲ ਸਿੰਘ ਭੰਮੀਪੁਰਾ, ਅਤੇ ਬਲਾਕ ਸੰਮਤੀ ਦੇ ਉਮੀਦਵਾਰ ਰਣਜੋਧ ਸਿੰਘ ਜੋਧਾ ਹਠੂਰ ਨੂੰ ਵੱਡੀ ਲੀਡ ਨਾਲ ਜਿਤਾਉਣ ਦਾ ਭਰੋਸਾ ਦਵਾਇਆ, ਇਸ ਮੌਕੇ ਬੀਬੀ ਅੰਮ੍ਰਿਤਾ ਵੜਿੰਗ ਨੇ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ, ਐਡਵੋਕੇਟ ਗੁਰਮੇਲ ਸਿੰਘ ਭੰਮੀਪੁਰਾ, ਅਤੇ ਉਮੀਦਵਾਰ ਰਣਜੋਧ ਸਿੰਘ ਜੋਧਾ, ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ, ਤੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਉਮੀਦਵਾਰ ਰਣਜੋਧ ਸਿੰਘ ਜੋਧਾ ਹਠੂਰ, ਅਤੇ ਹੋਰ ਆਗੂਆਂ ਨੇ ਬੀਬੀ ਅੰਮ੍ਰਿਤਾ ਵੜਿੰਗ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ, ਇਸ ਮੌਕੇ ਅਜੇ ਜੋਸ਼ੀ ਪਾਲਾ ਹਠੂਰ, ਹਾਕੀ ਕੋਚ ਪ੍ਰੀਤਮ ਸਿੰਘ, ਹਠੂਰ, ਪੰਚ ਜਗਦੀਪ ਸਿੰਘ ਦੀਪਾ ਸਰਾਂ, ਪੰਚ ਮੁਖਤਿਆਰ ਸਿੰਘ, ਪੰਚ ਪਾਲਾ ਹਠੂਰ, ਮੁਖਤਿਆਰ ਸਿੰਘ ਖਾਲਸਾ, ਪਰਮਲ ਸਿੰਘ, ਹਰਜਿੰਦਰ ਸਿੰਘ ਸਿੱਧੂ, ਹਰਪ੍ਰੀਤ ਸਿੰਘ, ਹਰੀਸ਼ ਜੋਸ਼ੀ, ਸਾਬਕਾ ਪੰਚ ਅਮਨਪ੍ਰੀਤ ਸਿੰਘ ਫਰਵਾਹਾ ਸਮੇਤ ਅਨੇਕਾਂ ਵੋਟਰ ਅਤੇ ਸਪੋਟਰ ਹਾਜ਼ਰ ਸਨ।

**ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਅਤੇ ਬਲਾਕ ਸੰਮਤੀ ਉਮੀਦਵਾਰ ਰਣਜੋਧ ਸਿੰਘ ਜੋਧਾ ਹਠੂਰ ਨੂੰ ਵੱਡੀ ਲੀਡ ਨਾਲ ਜਿਤਾਵਾਂਗੇ -ਸਰਪੰਚ ਨਿੱਪਾ ਹਠੂਰ**

ਆਵਾਜ਼ਿ ਕੌਮ AWAZE QAUM International Newspaper & WEB TV

# ਮਲਟੀਪਰਪਜ ਕੇਡਰ ਵੱਲੋਂ ਪੰਜਾਬ ਸਰਕਾਰ ਖਿਲਾਫ ਸੰਘਰਸ਼ ਦਾ ਐਲਾਨ



**ਤਲਵੰਡੀ ਸਾਬੋ, 11 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਬਹੁਮੰਤਵੀ ਸਿਹਤ ਕਰਮਚਾਰੀ ਐਸੋਸੀਏਸ਼ਨ ਵੱਲੋਂ ਪੰਜਾਬ ਸਰਕਾਰ ਖਿਲਾਫ ਸੰਘਰਸ਼ ਦਾ ਐਲਾਨ ਕਰਦੇ ਹੋਏ ਅੱਜ ਬਹੁਮਤਵੀ ਸਿਹਤ ਕਰਮਚਾਰੀ ਐਸੋਸੀਏਸ਼ਨ ਤਲਵੰਡੀ ਸਾਬੋ ਵੱਲੋਂ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਨੂੰ ਮੰਗ ਪੱਤਰ ਦਿੰਦੇ ਹੋਏ ਨਾਲ ਹੀ ਪ੍ਰੈਸ ਦੇ ਨੁਮਾਇੰਦਿਆਂ ਨਾਲ ਮੁਖਾਤਿਬ ਹੁੰਦੇ ਹੋਏ ਦਸਿਆ ਕਿ ਪਿਛਲੇ ਲੰਬੇ ਸਮੇ ਤੋਂ ਕੇਡਰ ਨੂੰ ਸਰਕਾਰਾਂ ਵੱਲੋਂ ਹਾਸ਼ੀਏ ਤੇ ਧੱਕਿਆ ਗਿਆ ਹੈ ਕੇਡਰ ਦੇ ਪਰਖ ਕਾਲ ਦੇ ਬਕਾਏ, ਏ.ਸੀ.ਪੀ ਸਕੀਮ, ਫਿਕਸ ਟੂਰ ਅਲਾਉਂਸ, ਰੂਰਲ ਅਤੇ ਕੰਢੀ ਏਰੀਆ ਭੱਤਿਆ ਦੀ ਕਟੌਤੀ ਤਾ ਸਰਕਾਰ ਨੇ ਕੀਤੀ ਹੀ ਹੈ ਇਸਤੋਂ ਇਲਾਵਾ ਸਰਕਾਰ ਸੀਨੀਅਰ ਪਦ ਲਈ ਪ੍ਰਮੋਸ਼ਨ ਚੈਨਲ ਬਣਾਉਣ ਤੋਂ ਵੀ ਇਨਕਾਰੀ ਹੈ ਅਬਾਦੀ ਦੇ ਹਿਸਾਬ ਨਾਲ ਤਰੱਕੀ ਸਬੰਧੀ ਅਸਾਮੀਆਂ ਦੀ ਸਿਰਜਣਾ ਵੱਲ ਧਿਆਨ ਨਹੀਂ ਦਿੱਤਾ ਗਿਆ ਅਤੇ ਨਾ ਹੁਣ ਤੱਕ ਤਨਖਾਹ ਸਕੇਲ ਸੋਧੇ ਹਨ ਜਿਸ ਨਾਲ ਕੇਡਰ ਵਿੱਚ 20 ਹਜਾਰ ਤੋਂ ਵਧੇਰੇ ਰੁਪਏ ਦੀ ਤਨਖਾਹ ਅਨਾਮਲੀ ਹੈ ਸਰਕਾਰ ਵੱਲੋਂ ਆਰਥਿਕ ਬੋਝ ਥਲੇ ਦੱਬ ਚੁਕੇ ਕੇਡਰ ਕੋਲ ਹੁਣ ਸੰਘਰਸ਼ ਤੋਂ ਇਲਾਵਾ ਹੋਰ ਰਾਹ ਬਾਕੀ ਨਹੀਂ ਬਚਿਆ ਉਨਾ ਵਿਸ਼ੇਸ਼ ਤੌਰ ’ਤੇ ਦਸਿਆ ਕਿ ਸਰਕਾਰ ਨਾਲ ਕਈ ਮੀਟਿੰਗ ਵੀ ਹੋ ਚੁੱਕਿਆ ਹਨ ਜਿੰਨਾ ਵਿੱਚ ਕੋਈ ਸਾਰਥਕ ਹੱਲ ਨਹੀਂ ਹੋਇਆ ਜੋ ਕੇ ਸਰਕਾਰ ਦਾ ਸਿਹਤ ਮੁਲਾਜਮਾਂ ਪ੍ਰਤੀ ਮਾੜਾ ਰਵਈਆ ਉਜਾਗਰ ਕਰਦਾ ਹੈ ਜਿਸ ਕਰਕੇ ਕੇਡਰ ਵਿੱਚ ਭਾਰੀ ਰੋਸ ਹੈ ਅਤੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਅਤੇ ਜਨਰਲ ਸਕੱਤਰ ਰਜਿੰਦਰ ਸਿੰਘ ਡਿਊਟੀ ਦੌਰਾਨ ਭੁੱਖ ਹੜਤਾਲ ਤੇ ਹਨ ਪ੍ਰੰਤੂ ਸਰਕਾਰ ਨੂੰ ਕੋਈ ਫਿਕਰ ਨਹੀਂ ਹੈ। ਜੇਕਰ 15 ਦਸੰਬਰ ਤੱਕ ਕੋਈ ਸਾਰਥਕ ਹੱਲ ਨਾ ਕੱਢਿਆ ਗਿਆ ਤਾਂ ਸਾਰੇ ਸਾਥੀ, ਰਾਜ ਸਿਹਤ ਮੁਖ ਦਫਤਰ ਸੈਕਟਰ 34 ਏ ਚੰਡੀਗੜ ਵਿਖੇ ਮਰਨ ਵਰਤ ਸ਼ੁਰੂ ਕਰ ਦੇਣਗੇ ਅਤੇ ਸੂਬੇ ਭਰ ਦੇ ਕੇਡਰ ਦਾ ਇਕ ਵੱਡਾ ਇਕੱਠ 16 ਦਸੰਬਰ ਨੂੰ ਮੁੱਖ ਮੰਤਰੀ ਨਿਵਾਸ ਚੰਡੀਗੜ ਵੱਲ ਕੂਚ ਕਰੇਗਾ। ਸਿਹਤ ਕਰਮਚਾਰੀ ਆਪਣੇ ਸੰਵਿਧਾਨਿਕ ਹੱਕ ਦੀ ਵਰਤੋਂ ਕਰਕੇ ਸਰਕਾਰ ਦੀਆ ਨੀਤੀਆਂ ਤੋਂ ਲੋਕਾਂ ਨੂੰ ਜਾਣੂ ਕਰਵਾਉਣਗੇ। ਇਸ ਮੌਕੇ ਪ੍ਰਧਾਨ ਕੁਲਦੀਪ ਸਿੰਘ, ਜਨਰਲ ਸਕੱਤਰ ਜਸਕਰਨ ਸਿੰਘ, ਸਰਪ੍ਰਸਤ ਹਰਪਾਲ ਸਿੰਘ ਗਿਆਨਾ, ਚੰਦ ਸਿੰਘ, ਜਗਸੀਰ ਸਿੰਘ, ਸ਼ਗਨਜੀਤ ਸਿੰਘ, ਗੁਰਪ੍ਰੀਤ ਲਾਲੀ ਅਤੇ ਸੁਖਪਾਲ ਸਿੰਘ ਆਦਿ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਸਦ ਵਿਚ ਵਿਕਰਮਜੀਤ ਸਿੰਘ ਸਾਹਨੀ ਨੇ ਬੰਦੀ ਸਿੱਖਾਂ ਦੀ ਰਿਹਾਈ ਦੀ ਕੀਤੀ ਮੰਗ ਤੇ ਰਾਸ਼ਟਰ ਨਿਰਮਾਣ ਵਿੱਚ ਸਿੱਖਾਂ ਦੇ ਯੋਗਦਾਨ ਦਾ ਕਰਵਾਇਆ ਚੇਤਾ



ਨਵੀਂ ਦਿੱਲੀ 11 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਮਨੁੱਖੀ ਅਧਿਕਾਰ ਦਿਵਸ ਦੇ ਮੌਕੇ ’ਤੇ ਬੰਦੀ ਸਿੱਖਾਂ ਦੀ ਰਿਹਾਈ ਦੀ ਆਪਣੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਫੇਰ ਪੱਕਾ ਕੀਤਾ ਹੈ। ਡਾ. ਸਾਹਨੀ ਨੇ ਕਿਹਾ ਕਿ ਉਨ੍ਹਾਂ ਵਿੱਚੋਂ ਬਹੁਤ ਸਾਰੇ 30 ਸਾਲ ਤੋਂ ਵੱਧ ਸਮਾਂ ਜੇਲ੍ਹ ਵਿੱਚ ਬਿਤਾ ਚੁੱਕੇ ਹਨ ਅਤੇ ਉਨ੍ਹਾਂ ਨੂੰ ਆਪਣੇ ਮਰਨ ਕਿਨਾਰੇ ਪਏ ਮਾਪਿਆਂ ਨੂੰ ਮਿਲਣ ਲਈ ਵਾਰ-ਵਾਰ ਪੈਰੋਲ ਦੇਣ ਤੋਂ ਇਨਕਾਰ ਕੀਤਾ ਜਾਂਦਾ ਹੈ, ਹਾਲਾਂਕਿ ਹਰਿਆਣਾ ਸਰਕਾਰ ਨੇ ਇਸ ਸਬੰਧ ਵਿੱਚ ਇੱਕ ਸਪੱਸ਼ਟ ਉਦਾਹਰਣ ਪੇਸ਼ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸ. ਦਵਿੰਦਰ ਪਾਲ ਸਿੰਘ ਭੁੱਲਰ, ਜੋ ਤਿੰਨ ਦਹਾਕੇ ਜੇਲ੍ਹ ਵਿੱਚ ਬਿਤਾ ਚੁੱਕੇ ਹਨ ਅਤੇ ਮਾਨਸਿਕ ਤੌਰ ’ਤੇ ਬਿਮਾਰ ਹਨ, ਦੀ ਵਿਚਾਰ ਅਧੀਨ ਪਈ ਮੁਆਫ਼ੀ ਦੀ ਅਪੀਲ ਅਜੇ ਵੀ ਸਮੀਖਿਆ ਦੀ ਉਡੀਕ ਵਿੱਚ ਹੈ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਇਨਸਾਫ਼ ਵਿੱਚ ਦੇਰੀ ਇਨਸਾਫ਼ ਤੋਂ ਇਨਕਾਰ ਕਰਨ ਦੇ ਬਰਾਬਰ ਹੈ। ਬੰਦੀ ਸਿੱਖਾਂ ਦੀ ਰਿਹਾਈ ਉਨ੍ਹਾਂ ਦੀ ਦਰਦਨਾਕ ਲੰਬੀ ਕੈਦ ਨੂੰ ਖਤਮ ਕਰਨ ਦੀ ਭਾਵਨਾ ਵਿੱਚ ਹੋਣੀ ਚਾਹੀਦੀ ਹੈ। ਮਨੁੱਖੀ ਅਧਿਕਾਰ ਕਿਸੇ ਲਈ ਰਾਖਵੇਂ ਨਹੀਂ ਹੋ ਸਕਦੇ - ਉਹ ਸਰਵ ਵਿਆਪਕ, ਮਨੁੱਖੀ ਅਤੇ ਨਿਆਂਪੂਰਨ ਹੋਣੇ ਚਾਹੀਦੇ ਹਨ।ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਦੇ ਮੌਕੇ ’ਤੇ ਸੰਸਦ ਵਿੱਚ ਬੋਲਦਿਆਂ, ਡਾ. ਸਾਹਨੀ ਨੇ ਜ਼ੋਰ ਦੇ ਕੇ ਕਿਹਾ ਕਿ ਸਿੱਖ ਭਾਈਚਾਰਾ ਹਮੇਸ਼ਾ ਭਾਰਤ ਦੇ ਸਨਮਾਨ ਅਤੇ ਏਕਤਾ ਦੀ ਰੱਖਿਆ ਵਿੱਚ ਸਭ ਤੋਂ ਅੱਗੇ ਰਿਹਾ ਹੈ। “ਆਜ਼ਾਦੀ ਸੰਘਰਸ਼ ਦੇ ਸ਼ਹੀਦਾਂ ਤੋਂ ਲੈ ਕੇ ਸਾਡੀਆਂ ਸਰਹੱਦਾਂ ਦੀ ਰਾਖੀ ਕਰਨ ਵਾਲੇ ਸੈਨਿਕਾਂ ਤੱਕ, ਸਿੱਖਾਂ ਨੇ ਕੁਰਬਾਨੀ ਅਤੇ ਸੇਵਾ ਰਾਹੀਂ ਵੰਦੇ ਮਾਤਰਮ ਦੀ ਭਾਵਨਾ ਨੂੰ ਜੀਵਿਆ ਹੈ। ਸਾਡੇ ਗੁਰੂਆਂ ਨੇ ਹਮੇਸ਼ਾ ਸਾਨੂੰ ਸਦਭਾਵਨਾ ਬਣਾਈ ਰੱਖਣ, ਨਫ਼ਰਤ ਨੂੰ ਰੱਦ ਕਰਨ ਅਤੇ ਕਮਜ਼ੋਰਾਂ ਦੀ ਰੱਖਿਆ ਕਰਨ ਦੀ ਸਿੱਖਿਆ ਦਿੱਤੀ ਹੈ। ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਸਿਰਫ਼ ਇੱਕ ਸੰਵਿਧਾਨਕ ਫਰਜ਼ ਨਹੀਂ ਹੈ; ਇਹ ਭਾਰਤ ਦੀ ਆਤਮਾ ਹੈ।”

ਆਵਾਜ਼ਿ ਕੌਮ AWAZE QAUM International Newspaper & WEB TV

## ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ

# ਰਵੀ ਈਸੜਾ ਦੇ ਹੱਕ ਵਿੱਚ ਕੀਤਾ ਚੋਣ ਪ੍ਰਚਾਰ



ਧੂਰੀ ( ਰਣਜੀਤ ਸਿੰਘ ਪੇਧਨੀ )ਅਕਾਲੀ ਦਲ ਦੇ ਸੀਨੀਅਰ ਆਗੂ ਰਣਜੀਤ ਸਿੰਘ ਰੰਧਾਵਾ ਹਲਕਾ ਇੰਚਾਰਜ ਧੂਰੀ ਨੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਮੀਮਸਾ ਜੋਣ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਵੀ ਈਸੜਾ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਜਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਡੇ ਮਾਰਜਨ ਨਾਲ ਜਿੱਤ ਕੇ 2027 ਵਿੱਚ ਸਰਕਾਰ ਬਣਨ ਦੀ ਨੀਹ ਪੱਥਰ ਰੱਖੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੀ ਹਾਰ ਦੀ ਬੌਖਲਾਹਟ ਨੂੰ ਦੇਖਦੇ ਹੋਏ ਮਨੀਸ਼ ਸਿਸੋਦੀਆ ਦੇ ਬਿਆਨ ਸ਼ਾਮ ਦਾਮ ਡੰਡ ਭੇਦ ਤੇ ਚੱਲ ਰਹੀ ਹੈ ਤੇ ਉਹ ਇਲੈਕਸ਼ਨ ਜਿੱਤਣ ਲਈ ਹਰ ਹੀਲਾ ਅਪਨਾ ਰਹੀ ਹੈ। ਜਿਸ ਵਿੱਚ ਪੰਜਾਬ ਪੁਲਿਸ ਵੀ ਇਹਨਾਂ ਦੇ ਨਾਲ ਮੋਢਾ ਲਾ ਕੇ ਸਾਥ ਦੇ ਰਹੀ ਹੈ। ਉਹਨਾਂ ਕਿਹਾ ਕੇ ਬਦਲਾਅ ਦੇ ਨਾਮ ਤੇਸੱਤਾ ਚ ਆਈ ਆਮ ਆਦਮੀ ਪਾਰਟੀ ਲੋਕਤੰਤਰ ਹਰ ਅਵਾਜ ਨੂੰ ਦਬਾ ਰਹੀ ਹੈ। ਹਲਕਾ ਤਰਨ ਤਾਰਨ ਨੀ ਪੂਰੇ ਪੰਜਾਬ ਚ ਸਰਕਾਰ ਸ਼੍ਰੋਮਣੀ ਅਕਾਲ ਦਲ ਅਤੇ ਹੋਰ ਰਾਜਨੀਤਿਕ ਪਾਰਟੀ ਦੀਆਂ ਫਾਇਲਾ ਰੱਦ ਕਰਕੇ ਆਪਣੇ ਉਮੀਦਵਾਰਾਂ ਨੂੰ ਜਿਤਾ ਰਹੀ ਹੈ ।ਇਸ ਮੌਕੇ ਭੁਪਿੰਦਰ ਸਿੰਘ ਭਲਵਾਨ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਗਜੀਤ ਸਿੰਘ ਲੱਡਾ, ਸਾਬਕਾ ਸਰਪੰਚ ਸਰਬਜੀਤ ਸਿੰਘ ਕਾਤਰੋਂ ਤੋਂ ਇਲਾਵਾ ਅਕਾਲੀ ਦਲ ਦੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸੇਂਟ ਸੋਲਜਰ ਸਕੂਲ ਦਾ 28ਵਾਂ ਸਲਾਨਾ ਸਮਾਗਮ ਸਕੂਲ ਦੇ ਔਟੋਡੋਰੀਅਮ 'ਚ ਕਰਵਾਇਆ ਗਿਆ

# ਪਾਰਟੀਸਪੇਟ ਕਰਨ ਵਾਲੇ ਬੱਚਿਆਂ ਨੂੰ ਇਨਾਮ ਵੰਡੇ ਗਏ




**ਜੰਡਿਆਲਾ ਗੁਰੂ, 11 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦਾ 28ਵਾਂ ਸਾਲਾਨਾ ਸਮਾਗਮ ਸੰਤ ਬਾਬਾ ਪਰਮਾਨੰਦ ਜੀ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਬਾਬਾ ਹੰਦਾਲ ਜੀ ਦੇ ਆਸ਼ੀਰਵਾਦ ਨਾਲ ਸਕੂਲ ਦੇ ਸ਼ਾਨਦਾਰ ਔਟੋਡੋਰੀਅਮ ਵਿੱਚ ਕਰਵਾਇਆ ਗਿਆ । ਸਮਾਗਮ ਦਾ ਥੀਮ "ਵਿਰਾਸਤ ਦੀ ਧਰਤੀ" ਰੱਖਿਆ ਗਿਆ ।ਬੱਚਿਆਂ ਨੇ ਇਸ ਸਮਾਗਮ ਵਿੱਚ ਸ਼ਾਸਤਰੀ ਨਾਚ ,ਲੋਕ ਨਾਚ ਦੀਆਂ ਪੇਸ਼ਕਾਰੀਆਂ, ਦੇਸ਼ ਭਗਤੀ ਨਾਲ ਸੰਬੰਧਿਤ ਕੋਰਿਓਗ੍ਰਾਫੀਆਂ ,ਬਾਲੀਵੁੱਡ ਗਾਣਿਆਂ ਦੇ ਲੋਕ ਗੀਤ ,ਵਾਤਾਵਰਨ ਜਾਗਰੂਕਤਾ ਸਬੰਧੀ ਆਈਟਮਸ ਅਤੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਗਿੱਧੇ ਅਤੇ ਭੰਗੜੇ ਨੇ ਉੱਥੇ ਬੈਠੇ ਹਜ਼ਾਰਾਂ ਸਰੋਤਿਆਂ ਦਾ ਮਨ ਮੋਹ ਲਿਆ ।ਬੱਚਿਆਂ ਵੱਲੋਂ ਯੋਗਾ ਅਤੇ ਗਤਕੇ ਦੇ ਵੀ ਸ਼ਾਨਦਾਰ ਜੌਹਰ ਵਿਖਾਏ ਗਏ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਡਾ:ਸੰਦੀਪ ਸਿੰਘ ਸੰਸਥਾਪਕ USSSDCU) ਅਤੇ ਸ੍ਰੀ ਕੁੰਵਰ ਵਿਜੇ ਪ੍ਰਤਾਪ ਸਿੰਘ ਜੀ( ਸਾਬਕਾ ਆਈਜੀ ਅਤੇ ਐਮਐਲਏ ਨੌਰਥ ਅੰਮ੍ਰਿਤਸਰ) ਸ:ਹਰਪਾਲ ਸਿੰਘ ਯੂਕੇ( ਚੇਅਰਮੈਨ ਰਾਸਾ )ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਆਏ ਹੋਏ ਮਹਿਮਾਨਾਂ ਨੇ ਬੱਚਿਆਂ ਵੱਲੋਂ ਪੇਸ਼ ਕੀਤੇ ਪ੍ਰੋਗਰਾਮ ਦੀ ਖੂਬ ਸਰਾਹਨਾ ਕੀਤੀ ।ਇਸ ਮੌਕੇ ਤੇ ਸ੍ਰੀਮਤੀ ਅਮਨਦੀਪ ਕੌਰ (ਡਾਇਰੈਕਟਰ ਪ੍ਰਿੰਸੀਪਲ ਸੇਂਟ ਸੋਲਜਰ ਸਕੂਲ ਮਜੀਠਾ) ਪ੍ਰਿੰਸੀਪਲ ਹਰਜਿੰਦਰ ਪਾਲ ਕੌਰ (ਸੇਂਟ ਸੋਲਜਰ ਸਕੂਲ ਮਜੀਠਾ) ਸ: ਜਸਵਿੰਦਰ ਸਿੰਘ ਕਾਹਲੋ ਚੇਅਰਮੈਨ (ਸੇਂਟ ਸੋਲਜਰ ਸਕੂਲ ਮਜੀਠਾ) ਸ: ਸਰਬਜੀਤ ਸਿੰਘ ਡਿੰਪੀ( ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ) ਸਰਪੰਚ ਕਿਰਪਾਲ ਸਿੰਘ ਰਾਮ ਦਿਵਾਲੀ ਜਨਰਲ ਸਕੱਤਰ ਕੰਬੋਜ ਸਭਾ ,ਅਵਤਾਰ ਸਿੰਘ ਕਾਲਾ ਐਮਸੀ ,ਬਲਦੇਵ ਸਿੰਘ ਗਾਂਧੀ, ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰਾ, ਕਾਮਰੇਡ ਪਿਆਰਾ ਸਿੰਘ ,ਦਲਜੀਤ ਸਿੰਘ ਖਾਲਸਾ ਕਿਸਾਨ ਆਗੂ, ਡਾ:ਇਕਬਾਲ ਸਿੰਘ, ਸਮੂਹ ਪੱਤਰਕਾਰ ਭਾਈਚਾਰਾ ਅਤੇ ਹੋਰ ਪਤਵੰਤੇ ਸੱਜਣਾਂ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਸ਼੍ਰੀਮਤੀ ਡਾ:ਅਮਰਪ੍ਰੀਤ ਕੌਰ ਜੀ ਨੇ ਆਏ ਹੋਏ ਮਹਿਮਾਨਾਂ ਦਾ ਸ਼ਾਨਦਾਰ ਸਵਾਗਤ ਕਰਦੇ ਹੋਏ ਉਹਨਾਂ ਨੂੰ ਯਾਦਗਾਰੀ ਮਮੈਂਟੋ ਚਿੰਨ ਭੇਂਟ ਕੀਤਾ। ।ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ, ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਕੁਆਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

# ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਤਿਆਰੀਆਂ ਸਬੰਧੀ ਜਥੇਦਾਰ ਬਾਬਾ ਟੇਕ ਸਿੰਘ ਨੇ ਕੀਤੀ ਮੀਟਿੰਗ



**ਤਲਵੰਡੀ ਸਾਬੋ, 11 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਬੀਤੇ ਦਿਨ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਚ ਲਏ ਫੈਸਲੇ ਮੁਤਾਬਿਕ 27 ਦਸੰਬਰ ਨੂੰ ਮਨਾਏ ਜਾ ਰਹੇ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਤਿਆਰੀਆਂ ਸਬੰਧੀ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਨੇ ਅੱਜ ਨਗਰ ਦੀਆਂ ਮੁਹਤਬਰ ਸਖਸ਼ੀਅਤਾਂ ਅਤੇ ਤਖਤ ਸਾਹਿਬ ਪ੍ਰਬੰਧਕਾਂ ਨਾਲ ਇੱਕ ਮੀਟਿੰਗ ਕਰਦਿਆਂ ਗੁਰਪੁਰਬ ਮਨਾਉਣ ਨੂੰ ਲੈ ਕੇ ਵੀਚਾਰ ਚਰਚਾ ਕੀਤੀ। ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਵਾਲੇ ਦਿਨ ਹੀ ਗੁਰਪੁਰਬ ਮਨਾਉਣ ਨੂੰ ਲੈ ਕੇ ਉੱਠ ਰਹੇ ਸਵਾਲਾਂ ਦੇ ਜਵਾਬ ਚ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਕਿਹਾ ਕਿ ਕੌਮ ਦੇ ਵਿਦਵਾਨਾਂ ਦੀ ਸਲਾਹ ਲੈਣ ਉਪਰੰਤ ਹੀ ਪ੍ਰਕਾਸ਼ ਦਿਹਾੜਾ 27 ਦਸੰਬਰ ਨੂੰ ਮਨਾਉਣ ਦਾ ਫੈਸਲਾ ਲਿਆ ਗਿਆ ਹੈ।ਉਨਾਂ ਕਿਹਾ ਕਿ ਦੋਵਾਂ ਪੁਰਬਾਂ 'ਤੇ ਹੀ ਸੰਗਤ ਨੇ ਨਾਮ ਸਿਮਰਨ ਕਰਨਾ ਹੁੰਦਾ ਹੈ ਇਸ ਲਈ ਪ੍ਰਕਾਸ਼ ਪੁਰਬ ਅਤੇ ਸ਼ਹੀਦੀ ਦਿਹਾੜਾ ਇਕੱਠਿਆਂ ਮਨਾਉਣ 'ਚ ਕੋਈ ਹਿਚਕਿਚਾਹਟ ਨਹੀ ਹੋਣੀ ਚਾਹੀਦੀ ਕਿਉਂਕਿ ਗੁਰਮਤਿ ਸਮਾਗਮ ਹੀ ਕੀਤੇ ਜਾਣੇ ਹਨ। ਉਨਾਂ ਨੇ ਸੰਗਤ ਨੂੰ ਪ੍ਰਕਾਸ਼ ਦਿਹਾੜੇ ਦੇ ਸਮਾਗਮਾਂ 'ਚ ਵੀ ਵੱਡੀ ਗਿਣਤੀ 'ਚ ਪੁੱਜਣ ਦੀ ਅਪੀਲ ਕੀਤੀ। ਉੱਧਰ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਹਾਜ਼ਰ ਮੁਹਤਬਰਾਂ ਅਤੇ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਪ੍ਰਭਾਤ ਫੇਰੀਆਂ ਅਤੇ ਨਗਰ ਕੀਰਤਨ ਦੇ ਸੰਭਾਵੀ ਰੂਟ ਤੋਂ ਜਾਣੂੰ ਕਰਵਾਇਆ ਅਤੇ ਇਹ ਫੈਸਲਾ ਵੀ ਕੀਤਾ ਗਿਆ ਕਿ ਪ੍ਰਭਾਤ ਫੇਰੀਆਂ ਮੌਕੇ ਲੰਗਰ ਚ ਕਿਸੇ ਕਿਸਮ ਦੀ ਵੀ ਮਠਿਆਈ ਜਾਂ ਮਿੱਠੀ ਵਸਤੂ ਨਾ ਵਰਤਾਈ ਜਾਵੇ। ਤਖਤ ਸਾਹਿਬ ਦੇ ਮੈਨੇਜ਼ਰ ਭਾਈ ਨਰਿੰਦਰਜੀਤ ਸਿੰਘ ਭਵਾਨੀਗੜ੍ਹ ਨੇ ਦੱਸਿਆ ਕਿ ਗੁਰਪੁਰਬ ਅਤੇ ਨਗਰ ਕੀਰਤਨ ਦੀਆਂ ਤਿਆਰੀਆਂ ਲਈ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ ਅਤੇ ਗੁਰਪੁਰਬ ਮੌਕੇ ਵੱਡੀ ਗਿਣਤੀ ਸੰਗਤਾਂ ਦੇ ਤਖਤ ਸਾਹਿਬ ਪੁੱਜਣ ਦੀ ਸੰਭਾਵਨਾਵਾਂ ਦੇ ਮੱਦੇਨਜ਼ਰ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਮੀਟਿੰਗ 'ਚ ਵਧੀਕ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ, ਕਥਾਵਾਚਕ ਗਿਆਨੀ ਆਲਮ ਸਿੰਘ, ਭਾਈ ਰਵਿੰਦਰ ਸਿੰਘ ਖਾਲਸਾ ਪ੍ਰਿੰਸੀਪਲ ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ, ਮਨਦੀਪ ਸਿੰਘ ਮਾਖਾ ਮੀਤ ਮੈਨੇਜ਼ਰ ਤਖਤ ਸਾਹਿਬ, ਭਾਈ ਨਿਸ਼ਾਨ ਸਿੰਘ ਇੰਚਾਰਜ ਪਾਠਾਂ, ਭਾਈ ਜਗਪਾਲ ਸਿੰਘ ਸਾਬਕਾ ਮੈਨੇਜ਼ਰ ਤਖਤ ਸਾਹਿਬ, ਭਾਈ ਬਲਜੀਤ ਸਿੰਘ ਗੁ:ਜੰਡਸਰ ਸਾਹਿਬ, ਭਾਈ ਅਮਰੀਕ ਸਿੰਘ ਡਸਕਾ ਤੋਂ ਇਲਾਵਾ ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਤਲਵੰਡੀ ਸਾਬੋ ਦੇ ਨੁਮਾਇੰਦੇ, ਪ੍ਰੋ. ਗੁਰਜੀਤ ਸਿੰਘ ਗੁਰੂ ਕਾਸ਼ੀ ਯੂਨੀਵਰਸਿਟੀ, ਅਕਾਲੀ ਆਗੂ ਠਾਣਾ ਸਿੰਘ ਚੱਠਾ, ਡਾ. ਜਸਵੀਰ ਸਿੰਘ ਆਦਿ ਮੌਜੂਦ ਸਨ।

# ਉਮੀਦਵਾਰ ਬੀਬੀ ਸ਼ਹਿਰੀਨ ਕੌਰ ਖਾਲਸਾ ਅਤੇ ਪਰਮਿੰਦਰ ਸਿੰਘ ਹਠੂਰ ਵੱਡੀ ਲੀਡ ਨਾਲ ਜਿੱਤ ਹਾਸਲ ਕਰਨਗੇ -ਦਵਿੰਦਰ ਸਿੰਘ ਬੱਬੀ ਗਰੇਵਾਲ



ਜਗਰਾਉਂ -(ਵਰਿਆਮ ਹਠੂਰ) ਆਮ ਆਦਮੀ ਪਾਰਟੀ ਵੱਲੋਂ ਮਾਣੂੰਕੇ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਾਰੇ ਗਏ ਬੀਬੀ ਸ਼ਹਿਰੀਨ ਕੌਰ ਖਾਲਸਾ ਧਰਮ ਪਤਨੀ ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਅਤੇ ਬਲਾਕ ਸੰਮਤੀ ਦੀ ਹਠੂਰ ਅਤੇ ਬੁਰਜ ਕਲਾਰਾ ਤੋਂ ਚੋਣ ਲੜ ਰਹੇ ਪਰਮਿੰਦਰ ਸਿੰਘ ਹਠੂਰ ਵੱਡੀ ਲੀਡ ਨਾਲ ਜਿੱਤ ਹਾਸਲ ਕਰਨਗੇ, ਇੰਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਨੇ ਗੱਲਬਾਤ ਕਰਦਿਆਂ ਕਿਹਾ ਕੀਤਾ, ਉਨ੍ਹਾਂ ਕਿਹਾ ਕਿ ਜਿੱਥੇ ਮਾਣੂੰਕੇ ਜੋਨ ਦੇ 14 ਪਿੰਡਾਂ ਵਿੱਚ ਉਮੀਦਵਾਰ ਬੀਬੀ ਸ਼ਹਿਰੀਨ ਕੌਰ ਖਾਲਸਾ ਨੂੰ ਵੋਟਰਾਂ ਵੱਲੋਂ ਰੱਜਵਾਂ ਪਿਆਰ ਅਤੇ ਸਤਿਕਾਰ ਮਿਲ ਰਿਹਾ ਹੈ। ਤੇ ਸਤਿਕਾਰਯੋਗ ਵੋਟਰ ਉਨ੍ਹਾਂ ਨੂੰ ਜਗ੍ਹਾ ਜਗ੍ਹਾ ਸਨਮਾਨਿਤ ਕਰ ਰਹੇ ਹਨ। ਦੂਜੇ ਪਾਸੇ ਬਲਾਕ ਸੰਮਤੀ ਹਠੂਰ ਅਤੇ ਬੁਰਜ ਕਲਾਰਾ ਤੋਂ ਚੋਣ ਮੈਦਾਨ ਵਿੱਚ ਡਟੇ ਯੂਥ ਆਗੂ ਪ੍ਰਮਿੰਦਰ ਸਿੰਘ ਹਠੂਰ ਦੀ ਚੋਣ ਮੁਹਿੰਮ ਨੂੰ ਵੀ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਤੇ ਉਮੀਦਵਾਰ ਪਰਮਿੰਦਰ ਸਿੰਘ ਹਠੂਰ ਨੂੰ ਵੀ ਜਿੱਥੇ ਸਤਿਕਾਰਯੋਗ ਸ਼ਖ਼ਸੀਅਤਾਂ ਸਨਮਾਨ ਦੇ ਰਹੀਆਂ ਹਨ। ਉੱਥੇ ਜਿੱਤ ਹਾਸਲ ਕਰਵਾਉਣ ਦਾ ਪੂਰਨ ਭਰੋਸਾ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਸਾਡੀ ਟੀਮ ਵੱਲੋਂ ਵੀ ਦੋਵੇਂ ਉਮੀਦਵਾਰਾਂ ਨੂੰ ਜਿਤਾਉਣ ਲਈ ਸਮੱਰਥਨ ਦਿੱਤਾ ਗਿਆ ਹੈ। ਕਿਉਂਕਿ ਦੋਵੇਂ ਉਮੀਦਵਾਰ ਪੜ੍ਹੇ ਲਿਖੇ ਤੇ ਜੰਗ ਹਨ। ਜੋ ਲੋਕਾਂ ਦੀਆਂ ਆਸਾਂ ਉਮੀਦਾਂ ਤੇ ਖਰੇ ਉਤਰਨ ਵਾਲੇ ਹਨ। ਸਾਨੂੰ ਪੂਰੀ ਉਮੀਦ ਹੈ ਕਿ ਸਤਿਕਾਰਯੋਗ ਵੋਟਰ ਉਮੀਦਵਾਰਾਂ ਦੀਆਂ ਆਸਾਂ ਨੂੰ ਬੂਰ ਜ਼ਰੂਰ ਪਾਉਣਗੇ ਤੇ ਦੋਵਾਂ ਨੂੰ ਵੱਡੀ ਲੀਡ ਜਿਤਾ ਕੇ ਸੀਟ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਦੀ ਝੋਲੀ ਵਿੱਚ ਪਾਉਣਗੇ, ਅੰਤ ਵਿੱਚ ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਹੈ। ਕਿ 14 ਦਸੰਬਰ ਨੂੰ ਝਾੜੂ ਦੇ ਨਿਸ਼ਾਨ ਤੇ ਮੋਹਰਾਂ ਲਾ ਕੇ ਦੋਵੇਂ ਉਮੀਦਵਾਰਾਂ ਨੂੰ ਕਾਮਯਾਬ ਕਰੋ। ਤਾਂ ਜੋ ਉਮੀਦਵਾਰ ਚੋਣ ਜਿੱਤ ਕੇ ਆਪਣੀਆਂ ਬਣਦੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਵਿਟਜਰਲੈਂਡ ਵਿਖੇ ਮਨੁੱਖੀ ਅਧਿਕਾਰ ਦਿਵਸ ਮੌਕੇ ਕਾਨਫਰੰਸ ਵਿਚ

# ਪ੍ਰਿਤਪਾਲ ਸਿੰਘ ਖਾਲਸਾ ਨੇ ਹਾਜ਼ਰੀ ਭਰ ਕੇ ਚੁੱਕੇ ਗੰਭੀਰ ਮੁੱਦੇ







ਨਵੀਂ ਦਿੱਲੀ 11 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸਵਿਟਜਰਲੈਂਡ ਦੀ ਰਾਜਧਾਨੀ ਬੈਰਨ ਵਿਖੇ ਮਨੁੱਖੀ ਅਧਿਕਾਰ ਦਿਵਸ ਮੌਕੇ ਯੂਨੀਵਰਸਲ ਪੀਸ ਫੈਡਰੇਸ਼ਨ ਵਲੋਂ ਦੁਨੀਆਂ ਦੇ ਵੱਖ ਵੱਖ ਦੇਸ਼ਾ ਦੇ ਐਨਜੀਓ ਦੀ ਇਕ ਕਾਨਫਰੰਸ ਆਯੋਜਿਤ ਕੀਤੀ ਗਈ। ਸਵਿਟਜਰਲੈਂਡ ਤੋ ਜਲਾਵਤਨੀ ਆਗੂ ਪ੍ਰਿਤਪਾਲ ਸਿੰਘ ਖਾਲਸਾ ਦਲ ਖਾਲਸਾ ਹਿਉਮਨ ਰਾਇਟਸ ਨੇ ਇਸ ਕਾਨਫਰੰਸ ਵਿਚ ਹਾਜ਼ਿਰੀ ਭਰ ਕੇ ਸਿੱਖ ਪੰਥ ਦੇ ਗੰਭੀਰ ਮੁਦਿਆਂ ਉਪਰ ਰੋਸ਼ਨੀ ਪਾਈ ਸੀ ।ਉਨ੍ਹਾਂ ਦਸਿਆ ਕਿ 10 ਦਸੰਬਰ ਨੂੰ ਸਵਿਸ ਦੀ ਰਾਜਧਾਨੀ ਬੈਰਨ ਵਿਖੇ ਮਨੁੱਖੀ ਅਧਿਕਾਰ ਦਿਵਸ ਮੌਕੇ ਯੂਨੀਵਰਸਲ ਪੀਸ ਫੈਡਰੇਸ਼ਨ ਵਲੋ ਇਕ ਸੈਮੀਨਾਰ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਖ ਵੱਖ ਦੇਸ਼ਾ ਦੇ ਐਨਜੀਓ ਨੇ ਸ਼ਿਰਕਤ ਕੀਤੀ ਸੀ । ਇਸ ਸੈਮੀਨਾਰ ਵਿਚ ਹਾਜਿਰ ਹੋਏ ਸਮੂਹ ਬੂਲਾਰਿਆ ਨੇ ਵਿਸ਼ਵ ਦੇ ਮੌਜੂਦਾ ਹਾਲਾਤਾਂ ਤੇ ਗਹਿਰੀ ਚਿੰਤਾ ਪ੍ਰਗਟ ਕੀਤੀ ।ਖਾਸ ਕਰ ਕੇ ਲਮੇ ਸਮੇ ਤੋ ਚਲੀ ਆ ਰਹੀ ਰੂਸ ਅਤੇ ਯੂਕਰੇਨ ਦੀ ਜੰਗ ਦੌਰਾਨ ਹੋ ਰਹੀ ਮਨੁੱਖੀ ਅਧਿਕਾਰਾ ਉਲੰਘਣਾ ਜਿਸ ਵਿੱਚ ਹਜਾਰਾ ਬੇਗੁਨਾਹ ਲੋਕ ਮਾਰੇ ਗਏ ਅਤੇ ਓਥੇ ਹੋ ਰਹੇ ਭਾਰੀ ਮਾਲੀ ਨੁਕਸਾਨ ਤੇ ਲੰਮੀ ਵਿਚਾਰ ਚਰਚਾ ਹੋਈ ਸੀ ।ਸੈਮੀਨਾਰ ਵਿਚ ਦਲ ਖਾਲਸਾ ਆਗੂ ਪ੍ਰਿਤਪਾਲ ਸਿਘ ਖਾਲਸਾ ਨੇ ਅਪਨੇ ਵਿਚਾਰਾ ਦੀ ਸ਼ੁਰੂਆਤ ਮਾਨਸ ਕੀ ਜਾਤਿ ਸਬੈ ਏਕੈ ਪਹਿਚਾਨਬੋ ਤੋ ਸ਼ੁਰੂ ਕਰਦਿਆਂ ਹਿੰਦੁਸਤਾਨ ਅੰਦਰ ਘੱਟ ਗਿਣਤੀ ਨਾਲ ਹੋ ਰਹੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਬਾਰੇ ਰੋਸ਼ਨੀ ਪਾਈ, ਉਨ੍ਹਾਂ ਵਿਦੇਸ਼ਾਂ ਅੰਦਰ ਭਾਰਤੀ ਦਖਲਅੰਦਾਜ਼ੀ ਨਾਲ ਸਿੱਖਾਂ ਦੇ ਕੀਤੇ ਜਾ ਰਹੇ ਕਤਲ ਅਤੇ ਕਤਲ ਦੀ ਕੋਸ਼ਿਸ਼ ਬਾਰੇ ਜਿਕਰ ਕਰਦਿਆਂ ਸਿੱਖਾਂ ਉਪਰ ਵੱਧ ਰਹੇ ਖ਼ਤਰਿਆ ਬਾਰੇ ਦਸਿਆ ਉਪਰੰਤ ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਦਿਵਸ ਹਰ ਸਾਲ ਦਸ ਦਸੰਬਰ ਨੂੰ ਮਨਾਇਆ ਜਾਂਦਾ ਹੈ ਇਸ ਯਾਦ ਦਿਵਾਉਣ ਲਈ ਕਿ ਵਿਸ਼ਵ ਅੰਦਰ ਹੋ ਰਹੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨਾਲ ਕਿਸ ਤਰ੍ਹਾਂ ਨਜਿੱਠ ਕੇ ਮਨੁੱਖੀ ਜੀਵਨ ਨੂੰ ਸੁਰੱਖਿਅਤ ਬਣਾਇਆ ਜਾਏ ਜਿਸ ਨਾਲ ਸਯੂੰਕਤ ਰਾਸ਼ਟਰ ਦੀ ਆਸਾ ਅਨੁਸਾਰ ਦੇਸ਼ਾ ਅਤੇ ਸਮੂਹ ਵੱਖ ਵੱਖ ਕੌਮਾ ਵਿੱਚ ਆਪਸੀ ਪ੍ਰੇਮ ਪਿਆਰ ਅਤੇ ਸਦਭਾਵਨਾ ਵਧੇ ਅਤੇ ਸ਼ੰਸ਼ਾਰ ਵਿੱਚ ਸ਼ਾਤੀ ਹੋ ਸਕੇ ।ਉਨ੍ਹਾਂ ਦੇ ਵਿਚਾਰਾਂ ਉਪਰੰਤ ਹਾਲ ਵਿੱਚ ਹਾਜਿਰ ਸ਼ੋ੍ਤਿਆਂ ਨੇ ਖੜੇ ਹੋ ਕੇ ਤਾੜੀਆਂ ਮਾਰ ਕੇ ਉਨ੍ਹਾਂ ਦੇ ਵਿਚਾਰਾਂ ਦੀ ਸ਼ਲਾਘਾ ਕੀਤੀ ਉਪਰੰਤ ਭਾਈ ਖਾਲਸਾ ਨੇ ਆਪਣੇ ਵਿਚਾਰਾਂ ਦੀ ਸਮਾਪਤੀ ਤੇਰੇ ਭਾਣੇ ਸਰਬੱਤ ਦਾ ਭਲਾ ਨਾਲ ਕਰਦਿਆਂ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਮਾ ਬਾਠ ਨੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਕੇ

# ਕੁਲਵਿੰਦਰ ਸਿੰਘ ਖਾਲਸਾ ਨੂੰ ਜਿਤਾਉਣ ਦੀ ਕੀਤੀ ਅਪੀਲ

ਧੂਰੀ ( ਰਣਜੀਤ ਸਿੰਘ ਪੇਧਨੀ )-ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਸ, ਪਰਮਜੀਤ ਸਿੰਘ ਪੰਮਾ ਬਾਠ ਦੀ ਅਗਵਾਈ ਦੇ ਹੇਠ ਜਿਲ੍ਹਾ ਪਰਿਸ਼ਦ ਜੋਨ ਬਾਲੀਆਂ ਤੋਂ ਕੁਲਵਿੰਦਰ ਸਿੰਘ ਖਾਲਸਾ ਦੇ ਹੱਕ ਵਿੱਚ ਵੱਖ ਵੱਖ ਪਿੰਡਾਂ ਮੀਟਿੰਗਾਂ ਕਰਕੇ ਚੋਣ ਮੁਹਿੰਮ ਨੂੰ ਭਖਾਇਆ।ਇਸ ਮੌਕੇ ਮੀਟਿੰਗਾਂ ਨੂੰ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿਪੰਜਾਬ ਦੀ ਮੌਜੂਦਾ ਸਰਕਾਰ ਨੇ ਸਿੱਖਾਂ ਦੇ ਮੁੰਡਿਆਂ ਨੂੰ ਤੇ ਐਨ ਐਸੇ ਲਗਾ ਕੇ ਉਹਨਾਂ ਨੂੰ ਜੇਲਾ ਵਿੱਚ ਡੱਕਿਆ ਹੈ, ਹੁਣ ਮੌਕਾ ਹੈ ਸਰਕਾਰ ਨੂੰ ਸਬਕ ਸਿਖਾਉਣ ਦਾ, ਆਉਣ ਵਾਲੀ 14 ਦਸੰਬਰ ਨੂੰ ਸ੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਉਮੀਦਵਾਰ ਕੁਲਵਿੰਦਰ ਸਿੰਘ ਹੱਕ ਵਿੱਚ ਵੋਟ ਪਾ ਕੇ ਕਾਮਯਾਬ ਬਣਾਓ । ਇਸ ਮੌਕੇ ਜਸਵੰਤ ਸਿੰਘ ਭੱਠਲ, ਸੁਖਪਾਲ ਸ਼ਰਮਾ,ਦਰਸ਼ਨ ਸਿੰਘ ਬੇਨੜਾ, ਭਰਪੂਰ ਸਿੰਘ, ਗੁਰਵਿੰਦਰ ਸਿੰਘ ਗੋਗੀ, ਗੁਰਚਰਨ ਸਿੰਘ ਲੱਡਾ, ਜਸਨ ਮੂਲੋਂਵਾਲ, ਮਹਿੰਦਰ ਸਿੰਘ ਰਣੀਕੇ ਅਤੇ ਵੱਖ ਵੱਖ ਪਿੰਡਾਂ ਦੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਪ੍ਰੀਤ ਸਿੰਘ ਰੇਹਲ ਵਿਰੁੱਧ ਯੂਕੇ ਸਰਕਾਰ ਵੱਲੋਂ ਕੀਤੀ ਕਾਰਵਾਈ ਨੂੰ ਲੈ ਕੇ ਸਿੱਖ ਜਥੇਬੰਦੀਆਂ ਦੀ ਅੰਤਰ-ਰਾਸ਼ਟਰੀ ਪੱਧਰ ਦੀ ਕਾਨਫਰੰਸ ਬੁਲਾਉਣ ਲਈ ਸੱਦਾ



ਨਵੀਂ ਦਿੱਲੀ 11 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): - ਗੁਰਦੁਆਰਾ ਸਿੰਘ ਸਭਾ ਡਰਬੀ ਦੇ ਪ੍ਰਧਾਨ ਸ: ਰਘਬੀਰ ਸਿੰਘ ਅਤੇ ਜਨਰਲ ਸੈਕਟਰੀ ਤੇ ਸਿੱਖ ਅਜਾਇਬਘਰ ਦੇ ਚੇਅਰਮੈਨ ਸ: ਰਾਜਿੰਦਰ ਸਿੰਘ ਪੁਰੇਵਾਲ ਨੇ ਗੁਰਪ੍ਰੀਤ ਸਿੰਘ ਦੇ ਖਿਲਾਫ਼ ਯੂ ਕੇ ਸਰਕਾਰ ਵੱਲੋਂ ਲਾਈਆਂ ਪਾਬੰਦੀਆਂ ਦੀ ਨਿਖੇਧੀ ਕੀਤੀ ਹੈ ।ਉਹਨਾਂ ਕਿਹਾ ਕਿ ਯੂਕੇ ਸਰਕਾਰ ਨੇ ਬਿਨਾ ਜਾਂਚ ਪੜਤਾਲ ਦੇ ਭਾਰਤ ਵੱਲੋਂ ਮੁਹੱਈਆ ਕੀਤੀ ਅਧੂਰੀ ਜਾਣਕਾਰੀ ਦੇ ਆਧਾਰ ’ਤੇ ਇਹ ਕਾਰਵਾਈ ਅੰਜ਼ਾਮ ਦਿੱਤੀ ਹੈ ।ਉਹਨਾਂ ਕਿਹਾ ਕਿ ਇਸ ਅਹਿਮ ਮੁੱਦੇ ਤੇ ਪੰਥ ਨੂੰ ਇੱਕਜੁੱਟ ਹੋ ਕੇ ਨਜਿੱਠਣਾ ਚਾਹੀਦਾ ਹੈ ਜਿਸ ਲਈ ਜਲਦੀ ਹੀ ਇੰਟਰਨੈਸ਼ਨਲ ਪੱਧਰ ਤੇ ਇੱਕ ਵੱਡੀ ਕਾਨਫਰੰਸ ਸੱਦੀ ਜਾਣੀ ਚਾਹੀਦੀ ਹੈ ਤੇ ਇਸ ਨੌਜਵਾਨ ਅਤੇ ਹੋਰ ਸਿੱਖਾਂ ਨਾਲ ਹੋ ਰਹੀ ਜ਼ਿਆਦਤੀ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਤੇ ਹੋਰ ਕਿਸੇ ਨਾਲ ਇੰਝ ਨਾ ਹੋਵੇ । ਸਿੰਘ ਸਭਾ ਡਰਬੀ ਵੱਲੋਂ ਇਸ ਕਾਰਜ ਵਿੱਚ ਪੂਰਾ ਸਹਿਯੋਗ ਦਿੱਤਾ ਜਾਵੇਗਾ ।ਉਹਨਾਂ ਕਿਹਾ ਕਿ ਯੂਕੇ ਦੀ ਖਜ਼ਾਨਾ ਮੰਤਰੀ ਰੇਸ਼ਲ ਰੀਵਜ਼ ਵੱਲੋਂ ਗੁਰਪ੍ਰੀਤ ਸਿੰਘ ਦੀਆਂ ਜਾਇਦਾਦਾਂ ਅਤੇ ਚੈਰਿਟੀ ਸੰਸਥਾਵਾਂ ਦੀ ਅਹੁਦੇਦਾਰੀ ਤੇ ਪਾਬੰਦੀ ਲਾ ਦਿੱਤੀ ਗਈ ਹੈ । ਬਰਤਾਨੀਆ ਸਰਕਾਰ ਨੂੰ ਸ਼ਾਇਦ ਭਾਰਤ ਦੀਆਂ ਪੰਜਾਬ ਤੇ ਸਿੱਖਾਂ ਵਿਰੁੱਧ ਲੌਬੀ ਕਰਨ ਵਾਲੀਆਂ ਏਜੰਸੀਆਂ ਨੇ ਉਸ ਸਬੰਧੀ ਗਲਤ ਜਾਣਕਾਰੀ ਦਿੱਤੀ ਹੈ, ਜਿਸ ਕਾਰਨ ਯੂਕੇ ਸਰਕਾਰ ਨੇ ਇਹ ਕਦਮ ਉਠਾਏ ਹਨ । ਇਹ ਪਹਿਲਾਂ ਵੀ ਸਪੱਸ਼ਟ ਹੋ ਚੁੱਕਾ ਹੈ ਕਿ ਭਾਰਤੀ ਏਜੰਸੀਆਂ ਸਿੱਖ ਨੌਜਵਾਨਾਂ ਵਿਰੁੱਧ ਗਲਤ ਦੋਸ਼ ਲਾ ਕੇ ਉਹਨਾਂ ਨੂੰ ਦੇਸ਼ ਵਿਦੇਸ਼ ਵਿੱਚ ਬਦਨਾਮ ਕਰਦੀਆਂ ਹਨ ਤਾਂ ਜੋ ਸਿੱਖਾਂ ਦਾ ਅਕਸ ਖਰਾਬ ਹੋਵੇ। ਬਹੁਤੇ ਮੀਡੀਆ ਨੇ ਵੀ ਬਿਨਾ ਖੋਜ ਪੜਤਾਲ ਦੇ ਗੁਰਪ੍ਰੀਤ ਸਿੰਘ ਬਾਰੇ ਖ਼ਬਰਾਂ ਛਾਪ ਦਿੱਤੀਆਂ ।ਨਾ ਗੁਰਪ੍ਰੀਤ ਸਿੰਘ ਨੂੰ ਪੁੱਛਿਆ ਗਿਆ ਅਤੇ ਨਾ ਹੀ ਕਿਸੇ ਹੋਰ ਸਿੱਖ ਆਗੂਆਂ ਪਾਸੋਂ ਜਾਂਚ ਪੜਤਾਲ ਕੀਤੀ ਗਈ ।ਉਹਨਾਂ ਕਿਹਾ ਗੁਰਪ੍ਰੀਤ ਸਿੰਘ ਉਤੇ ਲੱਗੇ ਸਾਰੇ ਹੀ ਦੋਸ਼ ਗਲਤ ਜਾਪਦੇ ਹਨ, ਜਿਹਨਾਂ ਬਾਰੇ ਅਜੇ ਤੱਕ ਕੋਈ ਸਬੂਤ ਵੀ ਪੇਸ਼ ਨਹੀਂ ਕੀਤੇ ਗਏ ।ਯੂ ਕੇ ਦੇ ਕਈ ਨੌਜਵਾਨ ਪੰਜਾਬ ਨੂੰ ਅੱਗੇ ਵਧਦਾ ਦੇਖਣਾ ਚਾਹੁੰਦੇ ਹਨ ਤੇ ਤਰੱਕੀ ਦੀ ਰਾਹ ਤੇ ਪਾਉਣ ਲਈ ਯੋਗਦਾਨ ਪਾ ਰਹੇ ਹਨ। ਪੰਜਾਬ ਦੇ ਘਟ ਰਹੇ ਪਾਣੀ, ਬਿਜਲੀ, ਗੈਂਗਸਟਰਾਂ, ਨਸ਼ਿਆਂ ਅਤੇ ਪੰਜਾਬ ਵਿੱਚ ਵੱਧ ਰਹੇ ਭ੍ਰਿਸ਼ਟਾਚਾਰ, ਪੰਜਾਬ ਸਿਰ ਵਧ ਰਿਹਾ ਕਰਜਾ ਤੇ ਮਨੁੱਖੀ ਅਧਿਕਾਰਾਂ ਬਾਰੇ ਖੋਜ ਪੱਤਰ ਵਿਦਵਾਨਾਂ ਤੋਂ ਲਿਖਾਏ ਜਾ ਰਹੇ ਹਨ ਤੇ ਪਬਲਿਸ਼ ਕਰਾਏ ਜਾ ਰਹੇ ਹਨ। ਵੱਖ-ਵੱਖ ਦੇਸ਼ਾਂ ਵਿੱਚ ਗੁਰਪ੍ਰੀਤ ਸਿੰਘ ਆਪ ਜਾ ਕੇ ਜਾਣਕਾਰੀ ਦੇ ਰਹੇ ਹਨ । ਉਹਨਾਂ ਜ਼ਿਕਰ ਕੀਤਾ ਕਿ ਪਿਛਲੇ 20-25 ਸਾਲਾਂ ਤੋਂ ਸਿੱਖਾਂ ਵੱਲੋਂ ਯੂ ਕੇ ਜਾਂ ਇੰਡੀਆ ਵਿੱਚ ਕੋਈ ਵੀ ਇਹੋ ਜਿਹਾ ਕੰਮ ਨਹੀਂ ਕੀਤਾ ਗਿਆ ਜੋ ਮਨੁੱਖਾਂ ਲਈ ਹਾਨੀਕਾਰਕ ਹੋਵੇ। ਸਗੋਂ ਸਮੂਹ ਆਸਥਾ ਰੱਖਣ ਵਾਲਿਆਂ ਦਾ ਵਿਰੋਧ ਹੋਵੇ । ਇਸ ਫ਼ੈਸਲੇ ਨਾਲ ਮਨੁੱਖੀ ਅਧਿਕਾਰ ਸੰਸਥਾਵਾਂ ਤੇ ਮਨੁੱਖਤਾ ਦੀ ਭਲਾਈ ਕਰਨ ਵਾਲੀਆਂ ਸੰਸਥਾਵਾਂ ਇਸ ਫ਼ੈਸਲੇ ਨਾਲ ਦੁਖੀ ਹੋਏ ਹਨ । ਭਾਰਤ ਸਰਕਾਰ ਅਮਰੀਕਾ ਕੈਨੇਡਾ ਤੇ ਯੂ ਕੇ ਵਿੱਚ ਸਿੱਖ ਆਗੂਆਂ ਨੂੰ ਮਾਰਨ ਦੇ ਦੋਸ਼ ਵੀ ਮੀਡੀਆ ਵਿੱਚ ਲੱਗ ਰਹੇ ਹਨ । ਗੁਰਪ੍ਰੀਤ ਸਿੰਘ ਦੇ ਕਾਰਜਾਂ ਦੀ ਸਮੂਹ ਪੰਜਾਬੀ ਤੇ ਯੂ ਕੇ ਨਿਵਾਸੀ ਸ਼ਲਾਘਾ ਕਰਦੇ ਹਨ ।ਯੂ ਕੇ ਸਰਕਾਰ ਭਾਰਤ ਦੀ ਲੌਬੀ ਤੇ ਯਕੀਨ ਨਾ ਕਰੇ ਸਗੋਂ ਯੂ ਕੇ ਦੀਆਂ ਏਜੰਸੀਆਂ ਪਾਸੋਂ ਰਿਪੋਰਟ ਮੰਗਵਾਏ ਅਤੇ ਸਿੱਖ ਨੌਜਵਾਨਾਂ ਉਤੇ ਲੱਗੇ ਝੂਠੇ ਦੋਸ਼ਾਂ ਦੀ ਸਹੀ ਤਸਵੀਰ ਯੂਕੇ ਦੇ ਲੋਕਾਂ ਅੱਗੇ ਲਿਆਵੇ । ਭਾਰਤ ਵਿੱਚ ਪਿਛਲੇ 40 ਸਾਲਾਂ ਤੋਂ ਆਪਣੇ ਹੱਕ ਮੰਗਣ ਵਾਲੇ ਹਜ਼ਾਰਾਂ ਹੀ ਲੋਕਾਂ ਨੂੰ ਮਾਰਿਆ ਜਾ ਚੁੱਕਾ ਹੈ ।ਯੂ ਕੇ ਦੇ ਵੀਹ ਪੰਝੀ ਸਾਲਾਂ ਤੋਂ ਲੇਬਰ ਪਾਰਟੀ ਦੇ ਇੱਕ ਕੌਂਸਲਰ ਨੂੰ ਵੀ ਪਿਛਲੇ ਸਾਲ ਇੰਡੀਆ ਦਾ ਵੀਜਾ ਨਹੀਂ ਦਿੱਤਾ ਗਿਆ, ਜਿਹੜਾ ਕਿ ਸਿੱਖਾਂ ਅਤੇ ਪੰਜਾਬੀਆਂ ਦੇ ਹੱਕਾਂ ਦਾ ਸਮਰਥਨ ਕਰਦਾ ਸੀ ।

ਆਵਾਜ਼ਿ ਕੌਮ AWAZE QAUM International Newspaper & WEB TV

# ਜੱਗੀ ਜੋਹਲ, ਬੱਗਾ, ਸ਼ੇਰਾ ਅਤੇ ਹੋਰਾਂ ਨੂੰ ਦਿੱਲੀ ਅਦਾਲਤ ਵਿਚ ਵੀਡੀਓ ਕਾਨਫਰੰਸ ਰਾਹੀਂ ਕੀਤਾ ਗਿਆ ਪੇਸ਼



ਨਵੀਂ ਦਿੱਲੀ 11 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਆਰਐਸਐਸ ਕਾਰਕੁਨ੍ਹਾਂ ਦੇ ਹੋਏ ਲੜੀਵਾਰ ਕਤਲ ਮਾਮਲੇ ਵਿਚ ਨਾਮਜਦ ਕੀਤੇ ਗਏ ਜਗਤਾਰ ਸਿੰਘ ਜੋਹਲ (ਯੂਕੇ ਨਿਵਾਸੀ), ਰਮਨਦੀਪ ਸਿੰਘ ਬੱਗਾ, ਹਰਦੀਪ ਸਿੰਘ ਸ਼ੇਰਾ, ਧਰਮਿੰਦਰ ਸਿੰਘ ਗੁਗਨੀ ਅਤੇ ਹੋਰਾਂ ਨੂੰ ਦਿੱਲੀ ਦੀ ਪਟਿਆਲਾ ਹਾਊਸ ਵਿਖ਼ੇ ਐਨਆਈਏ ਅਦਾਲਤ ਵਿਚ ਵੀਡੀਓ ਕਾਨਫਰੰਸ ਰਾਹੀਂ ਦੁਪਹਿਰ ਬਾਅਦ ਪੇਸ਼ ਕੀਤਾ ਗਿਆ । ਇਸ ਬਾਰੇ ਸਿੰਘਾਂ ਵਲੋਂ ਪੇਸ਼ ਹੋਏ ਪੰਥਕ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਨੇ ਦਸਿਆ ਕਿ ਅਦਾਲਤ ਅੰਦਰ ਚਲੇ ਮਾਮਲੇ ਵਿਚ ਭਾਈ ਸ਼ੇਰੇ ਵਿਰੁੱਧ ਪੇਸ਼ ਹੋਏ ਗਵਾਹ ਦੀ ਗਵਾਹੀ ਤੇ ਪੁਲਿਸ ਸੀਸੀਟੀਵੀ ਦੀ ਸੀਡੀ ਨੂੰ ਅਦਾਲਤ ਅੰਦਰ ਪੇਸ਼ ਨਹੀਂ ਕਰ ਸਕੀ ਜਿਸ ਨਾਲ ਓਸ ਦੀ ਗਵਾਹੀ ਮੁਲਤਵੀ ਹੋ ਗਈ ਉਪਰੰਤ ਮਾਮਲੇ ਦੀ ਅਗਲੀ ਸੁਣਵਾਈ ਲਈ 9 ਜਨਵਰੀ ਮੁਕਰਰ ਕਰ ਦਿੱਤੀ ਗਈ ।

ਗੁਰਬਾਣੀ ਸਾਨੂੰ ਨਿਰਾਸ਼ਾ 'ਚੋਂ ਕੱਢ ਕੇ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰੱਖਦੀ ਹੈ - ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮੁੱਚੇ ਪੰਜਾਬ 'ਚ ਚਲਾਈ ਜਾ ਰਹੀ 40 ਨਗਰ ਕੀਰਤਨਾਂ ਦੀ ਲੜੀ ਤਹਿਤ ਫਿਰੋਜਪੁਰ 'ਚ 30ਵਾਂ ਨਗਰ ਕੀਰਤਨ ਪੂਰਨ ਸ਼ਰਧਾ ਸਹਿਤ ਸਜਾਇਆ ਗਿਆ






**ਫਿਰੋਜਪੁਰ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਨਿਨ ਸੇਵਕ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਅੱਜ 30ਵਾਂ ਨਗਰ ਕੀਰਤਨ ਆਰੰਭ ਕੀਤਾ ਗਿਆ। ਜ਼ਿਕਰਯੋਗ ਹੈ ਕਿ ਪੰਜਾਬ ਭਰ ਵਿੱਚ ਗੁਰਬਾਣੀ ਦੇ ਪ੍ਰਚਾਰ ਤੇ ਪ੍ਰਸਾਰ ਲਈ 9ਵੇਂ ਪਾਤਿਸ਼ਾਹ ਤੇ ਉਨ੍ਹਾਂ ਦੇ ਨਾਲ ਸ਼ਹੀਦ ਹੋਏ ਸੇਵਕਾਂ ਦੇ ਇਤਿਹਾਸਕ ਸ਼ਹਾਦਤ ਦਿਹਾੜੇ ਨੂੰ ਸਮਰਪਤ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਪੰਜਾਬ ਦੇ ਵੱਖ-ਵੱਖ ਥਾਵਾਂ 'ਤੇ 40 ਨਗਰ ਕੀਰਤਨ ਸਜਾਏ ਜਾਣ ਦੀ ਸੇਵਾ ਮਿਥੀ ਗਈ ਹੈ ਜਿਸ ਦੇ ਸਬੰਧ ਵਿੱਚ ਅੱਜ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ 30ਵਾਂ ਨਗਰ ਕੀਰਤਨ ਫਿਰੋਜਪੁਰ ਜਿਲ੍ਹੇ ਦੇ ਪ੍ਰਸਿੱਧ ਅਸਥਾਨ ਗੁਰਦੁਆਰਾ ਪ੍ਰਗਟ ਸਾਹਿਬ (ਕਾਰ ਸੇਵਾ ਬਾਬਾ ਜਗਤਾਰ ਸਿੰਘ) ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ ਦੇ ਸੁਯੋਗ ਪ੍ਰਬੰਧਾਂ ਹੇਠ ਆਰੰਭ ਕੀਤਾ ਗਿਆ। ਇਹ ਨਗਰ ਕੀਰਤਨ ਵੱਖ-ਵੱਖ ਪਿੰਡਾਂ ਜਿਵੇਂ ਪਿੰਡ ਹਾਮਦ, ਅਲਫ ਕੇ, ਲੱਖੋ ਕੇ ਬਹਿਰਾਮ, ਸ਼ਰੀਂਹ ਵਾਲਾ, ਦਿਲਾ ਰਾਮ, ਕੋਹਰ ਸਿੰਘ ਵਾਲਾ, ਚੱਕ ਸੋਮੀਆਂ, ਲਾਲਚੀਆਂ ਆਦਿ ਰਾਹੀਂ ਹੁੰਦਾ ਹੋਇਆ ਗੁਰਦੁਆਰਾ ਪ੍ਰਗਟ ਸਾਹਿਬ ਵਿਖੇ ਅਰਦਾਸ ਉਪ੍ਰੰਤ ਸਮਾਪਤ ਹੋਇਆ। ਇਸ ਦੌਰਾਨ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਸੰਗਤਾਂ ਨੂੰ ਆਪਣੇ ਸੰਬੋਧਨ ਵਿੱਚ ਗੁਰਬਾਣੀ ਦੀ ਮਹੱਤਤਾ ਬਾਰੇ ਭਰਪੂਰ ਜਾਣਕਾਰੀ ਦਿਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਪੜ੍ਹਨ ਵਾਲਾ ਗੁਰਸਿੱਖ ਕਦੇ ਨਿਰਾਸ਼ਾ ਵਿੱਚ ਨਹੀਂ ਰਹਿੰਦਾ ਤੇ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਜੀਵਨ ਬਤੀਤ ਕਰਦਾ ਹੈ। ਉਨ੍ਹਾਂ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਨਿਨ ਸੇਵਕਾਂ ਦੀ ਸ਼ਹਾਦਤ ਬਾਰੇ ਬਿਆਨ ਕਰਦਿਆਂ ਕਿਹਾ ਕਿ ਉਦੋਂ ਹਿੰਦੂ ਫਰਿਆਦੀ ਸੀ, ਮਜ਼ਲੂਮ ਸੀ ਪਰ ਅੱਜ ਉਹ ਹੁਕਮਰਾਨ ਹੈ ਅਤੇ ਗੁਰੂ ਦੇ ਸਿੱਖ 32-32 ਸਾਲਾਂ ਤੋਂ ਇਨਸਾਫ ਦੀ ਉਡੀਕ ਵਿੱਚ ਜੇਲ੍ਹਾਂ ਵਿੱਚ ਜੀਵਨ ਬਿਤਾਉਣ ਲਈ ਮਜ਼ਬੂਰ ਹਨ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਸੰਗਤਾਂ ਲਈ ਇੱਕ ਸੁਨੇਹਾ ਵੀ ਹੈ ਕਿ ਸਿੱਖ ਆਪਣੇ ਵਿਰਸੇ ਨੂੰ ਕਦੇ ਨਾ ਭੁੱਲਣ। ਨਗਰ ਕੀਰਤਨ ਵਿੱਚ ਸੰਗਤਾਂ ਨੇ ਬਹੁਤ ਉਤਸ਼ਾਹ ਦੇ ਨਾਲ ਹਰ ਪਿੰਡ ਵਿੱਚ ਹਾਜ਼ਰੀਆਂ ਭਰੀਆਂ। ਸੰਗਤਾਂ ਵੱਲੋਂ ਥਾਂ-ਥਾਂ 'ਤੇ ਸੁੰਦਰ ਗੇਟ ਬਣਾਏ ਗਏ ਅਤੇ ਪਾਣੀ ਦੇ ਛਿੜਕਾ ਕਰਕੇ ਨਗਰ ਕੀਰਤਨ ਦਾ ਸਤਿਕਾਰ ਕੀਤਾ ਗਿਆ ਸਭ ਥਾਵਾਂ ਤੇ ਬਹੁਤ ਚੜ੍ਹਦੀ ਕਲਾ ਨਾਲ ਸਿੱਖੀ ਦਾ ਪ੍ਰਚਾਰ ਕਰਕੇ ਸਾਬਤ ਸੂਰਤ ਹੋਣ, ਨਸ਼ਿਆਂ ਦਾ ਤਿਆਗ ਕਰਨ ਅਤੇ ਰੋਜਾਨਾ ਬਾਣੀ ਪੜ੍ਹਨ ਲਈ ਪ੍ਰਣ ਕਰਵਾ ਕੇ ਜੈਕਾਰੇ ਗੂੰਜਾਏ ਗਏ।

ਇਸ ਮੌਕੇ ਬਾਬਾ ਜਤਿੰਦਰ ਸਿੰਘ ਗੋਬਿੰਦਬਾਗ ਵਾਲੇ, ਬਾਬਾ ਸੱਜਣ ਸਿੰਘ, ਬਾਬਾ ਸਤਨਾਮ ਸਿੰਘ ਵੱਲੀਆ, ਭਾਈ ਜੋਗਿੰਦਰ ਸਿੰਘ ਸ਼ਾਮ ਸਿੰਘ ਵਾਲਾ, ਭਾਈ ਮਲਕੀਤ ਸਿੰਘ ਸ਼ਾਮ ਸਿੰਘ ਵਾਲਾ, ਗਿਆਨੀ ਸੁਖਜਿੰਦਰ ਸਿੰਘ ਹਰਿਦਿਆਲੇਆਣਾ, ਭਾਈ ਪਿੱਪਲ ਸਿੰਘ ਜਿਲ੍ਹਾ ਪ੍ਰਧਾਨ ਫਿਰੋਜ਼ਪੁਰ ਤੇ ਹੋਰ ਬਹੁਤ ਸਾਰੀਆਂ ਸਖਸ਼ੀਅਤਾਂ ਹਾਜਰ ਸਨ। ਅਨੇਕਾਂ ਥਾਵਾਂ 'ਤੇ ਪੰਜ ਪਿਆਰੇ ਸਾਹਿਬਾਨਾਂ ਦਾ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ ਅਤੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਨੇ ਵੀ ਪ੍ਰਬੰਧ ਕਰਨ ਵਾਲੀਆਂ ਨਗਰ ਪੰਚਾਇਤਾਂ ਦਾ ਧੰਨਵਾਦ ਕੀਤਾ।

# ਉਰਦੂ ਭਾਸ਼ਾ ਦੀ ਸਿਖਲਾਈ ਪਹਿਲੀ ਜਨਵਰੀ ਤੋਂ - ਜ਼ਿਲ੍ਹਾ ਭਾਸ਼ਾ ਅਫ਼ਸਰ



**ਬਠਿੰਡਾ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਭਾਸ਼ਾ ਵਿਭਾਗ, ਪੰਜਾਬ ਵਲੋਂ ਹਰ ਜ਼ਿਲ੍ਹਾ ਸਦਰ ਮੁਕਾਮ 'ਤੇ ਉਰਦੂ ਭਾਸ਼ਾ ਦੀ ਸਿਖਲਾਈ ਦਿੱਤੀ ਜਾਂਦੀ ਹੈ। ਇਹ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਨੇ ਦੱਸਿਆ ਕਿ ਇਹ ਕੋਰਸ ਛੇ ਮਹੀਨੇ ਦਾ ਹੁੰਦਾ ਹੈ। ਸੈਸ਼ਨ ਜਨਵਰੀ 2026 ਤੋਂ ਜੂਨ 2026 ਤੱਕ ਦੀ ਫੀਸ 500 ਰੁਪਏ ਹੈ। ਇਹ ਸਿਖਲਾਈ ਮਿਤੀ 01.01.2026 ਤੋਂ ਸ਼ੁਰੂ ਕੀਤੀ ਜਾ ਰਹੀ ਹੈ ਅਤੇ ਕਲਾਸ ਦਾ ਸਮਾਂ ਸ਼ਾਮ 05:00 ਤੋਂ 06:00 ਵਜੇ ਤੱਕ ਦਾ ਹੋਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਉਰਦੂ ਭਾਸ਼ਾ ਸਿੱਖਣ ਨਾਲ਼ ਸਿਖਿਆਰਥੀ ਦਾ ਪੰਜਾਬੀ ਭਾਸ਼ਾ ਦਾ ਸ਼ਬਦ ਭੰਡਾਰ ਵੀ ਅਮੀਰ ਹੁੰਦਾ ਹੈ ਅਤੇ ਤਲੱਫ਼ਸ ਵੀ ਸ਼ੁੱਧ ਹੁੰਦਾ ਹੈ। ਬਠਿੰਡਾ ਜ਼ਿਲ੍ਹੇ ਨਾਲ ਸਬੰਧਤ ਜਿਹੜੇ ਵਿਅਕਤੀ ਉਰਦੂ ਸਿੱਖਣ ਦੇ ਚਾਹਵਾਨ ਹੋਣ, ਉਹ ਮਿਤੀ 31/12/2025 ਤੱਕ ਜ਼ਿਲ੍ਹਾ ਭਾਸ਼ਾ ਦਫ਼ਤਰ, ਕਮਰਾ ਨੰ. 226-ਈ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਪਹਿਲੀ ਮੰਜ਼ਿਲ, ਬਠਿੰਡਾ ਵਿਖੇ ਆਪਣਾ ਨਾਮ ਦਰਜ ਕਰਵਾ ਕੇ ਦਾਖ਼ਲਾ ਲੈ ਸਕਦੇ ਹਨ।

-ਅਮਰਜੀਤ ਸਿੰਘ ਜੀਤ

# ਸਿਵਲ ਸਰਜਨ ਵੱਲੋਂ ਸੀ.ਐਚ.ਸੀ. ਸੁਰਸਿੰਘ ਦਾ ਅਚਨਚੇਤ ਨਿਰੀਖਣ ਸਿਹਤ ਸਹੂਲਤਾਂ ਜ਼ਮੀਨੀ ਪੱਧਰ ਤੱਕ ਪਹੁੰਚਾਉਣਾ ਸਾਡਾ ਪਹਿਲਾ ਫਰਜ਼ : ਸਿਵਲ ਸਰਜਨ

**ਭਿੱਖੀਵਿੰਡ,11 ਦਸੰਬਰ (ਆਵਾਜ਼ਿ ਕੌਮ ਬਿਊਰੋ)** - ਲੋਕਾਂ ਨੂੰ ਬੇਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮੱਦੇਨਜ਼ਰ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਵੀਰਵਾਰ ਨੂੰ ਸੀ.ਐਚ.ਸੀ. ਸੁਰਸਿੰਘ ਵਿਖੇ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਵੱਲੋਂ ਵੱਖ-ਵੱਖ ਵਿਭਾਗਾਂ ਦੀ ਚੈਕਿੰਗ ਵੀ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਚੀਫ਼ ਫਾਰਮਾਸਿਸਟ ਵਰਿਆਮ ਭਾਟੀਆ ਵੀ ਮੌਜੂਦ ਸਨ। ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਜੱਚਾ-ਬੱਚਾ, ਗੈਰ ਸੰਚਾਰੀ ਰੋਗ ਸਬੰਧੀ ਸਿਹਤ ਸੇਵਾਵਾਂ ਦੇ ਨਾਲ-ਨਾਲ ਲੈਬ, ਵਾਰਡ, ਫਾਰਮੇਸੀ ਆਦਿ ਵੱਖ ਵੱਖ ਵਿਭਾਗਾਂ ਦਾ ਦੌਰਾ ਕਰਕੇ ਕੰਮ-ਕਾਜ ਦਾ ਨਿਰੀਖਣ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਹਸਪਤਾਲ 'ਚ ਮੌਜੂਦ ਮਰੀਜ਼ਾਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਜਵਾਬਾਂ 'ਤੇ ਸੰਤੁਸ਼ਟੀ ਜ਼ਾਹਿਰ ਕੀਤੀ ਇਸ ਮੌਕੇ ਉਨ੍ਹਾਂ ਮੌਜੂਦ ਸਮੂਹ ਕ੍ਰਮਚਾਰੀਆਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਹੋਰ ਵਧੀਆ ਸਿਹਤ ਸਹੂਲਤਾਂ ਦੇਣ ਲਈ ਯੋਗ ਉਪਰਾਲੇ ਕਰਨ ਲਈ ਕਿਹਾ। ਉਨ੍ਹਾਂ ਸਮੂਹ ਸਟਾਫ਼ ਨੂੰ ਆਪਣੀ ਡਿਊਟੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਸਿਹਤ ਪ੍ਰੋਗਰਾਮਾਂ ਸਬੰਧੀ ਆਮ ਲੋਕਾਂ 'ਚ ਵਧੇਰੇ ਜਾਗਰੂਕਤਾ ਲਿਆਉਣ ਦਾ ਸੁਨੇਹਾ ਦਿੱਤਾ ਤਾਂ ਜੋ ਲੋਕਾਂ ਨੂੰ ਸਮੂਹ ਸਿਹਤ ਪ੍ਰੋਗਰਾਮਾਂ 'ਤੇ ਸਕੀਮਾਂ ਦਾ ਸਮੇਂ ਸਿਰ ਪਤਾ ਚਲ ਸਕੇ। ਇਸ ਮੌਕੇ ਐਸ.ਐਮ.ਓ. ਡਾ. ਰਮਨਦੀਪ ਸਿੰਘ ਪੱਡਾ (ਮੈਡੀਸਿਨ ਸਪੈਸ਼ਿਲਸਟ) ਨੇ ਹਸਪਤਾਲ ਵਿਖੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਦੱਸਿਆ। ਡਾ. ਪੱਡਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਡਾ. ਅਮਨਦੀਪ ਸਿੰਘ ਧੰਜੂ (ਮੈਡੀਸਿਨ ਸਪੈਸ਼ਿਲਸਟ) ਦੇ ਨਾਲ ਉਹ ਖ਼ੁਦ ਵੀ ਰੋਜ਼ਾਨਾ ਓ.ਪੀ.ਡੀ. ਕਰਦੇ ਹਨ। ਉਨ੍ਹਾਂ ਕਿਹਾ ਕਿ ਬੀ.ਪੀ., ਸ਼ੂਗਰ 'ਤੇ ਥਾਇਰਾਇਡ ਵਰਗੀਆਂ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਨੂੰ ਆਪਣੀ ਸਿਹਤ ਦਾ ਖਿਆਲ ਰੱਖਦਿਆਂ ਸਿਵਲ ਹਸਪਤਾਲ 'ਚ ਮੌਜੂਦ ਮਾਹਿਰ ਡਾਕਟਰਾਂ ਤੋਂ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਦੌਰਾਨ ਐਸ.ਐਮ.ਓ. ਡਾ. ਰਮਨਦੀਪ ਸਿੰਘ ਪੱਡਾ (ਮੈਡੀਸਿਨ ਸਪੈਸ਼ਿਲਸਟ) ਤੋਂ ਇਲਾਵਾ ਡਾ. ਅਮਨਦੀਪ ਸਿੰਘ ਧੰਜੂ (ਮੈਡੀਸਿਨ ਸਪੈਸ਼ਿਲਸਟ), ਨਰਸਿੰਗ ਸਿਸਟਰ ਇੰਚਾਰਜ ਮੈਡਮ ਅਮਰਜੀਤ ਕੌਰ, ਫਾਰਮਾਸਿਸਟ ਨਵਦੀਪ ਸਿੰਘ, ਬਲਾਕ ਐਜੂਕੇਟਰ ਪਵਨਪ੍ਰੀਤ ਸਿੰਘ ਆਦਿ ਸਮੇਤ ਸਮੂਹ ਸਟਾਫ਼ ਹਾਜ਼ਰ ਸਨ।

# ਜਿਲਾ ਸਮਾਜਿਕ ਸੁਰੱਖਿਆ ਅ.ਫਸਰ ਪਠਾਨਕੋਟ ਸਰਦਾਰ ਆਸ਼ੀਸ਼ ਇੰਦਰ ਸਿੰਘ ਵੱਲੋਂ ਜਾਣਿਆ ਬਜ਼ੁਰਗਾਂ ਦਾ ਹਾਲ ਚਾਲ

**ਪਠਾਨਕੋਟ , 9 ਦਸੰਬਰ (ਆਵਾਜ਼ਿ ਕੌਮ ਬਿਊਰੋ)** -ਬਜ਼ੁਰਗਾਂ ਦਾ ਵਿਹੜਾ ਆਦਰਸ਼ ਬ੍ਰਿਧ ਆਸ਼ਰਮ ਝਾਖੋਲਾੜੀ ਪਠਾਨਕੋਟ ਜੋ ਕਿ ਪਿਛਲੇ ਪੰਜ ਸਾਲ ਤੋਂ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਦਿੰਦਾ ਆ ਰਿਹਾ ਹੈ। ਜਿਸ ਦੇ ਵਿੱਚ ਬ੍ਰਿਧ ਘਰ ਵਿੱਚ ਲਗਭਗ 25 ਬਜ਼ੁਰਗ ਇੱਥੇ ਮੌਜੂਦਾ ਰਹਿ ਰਹੇ ਹਨ ਤੇ ਇਹਨਾਂ ਪੰਜ ਸਾਲਾਂ ਵਿੱਚ ਲਗਭਗ 400 ਤੋਂ ਜਿਆਦਾ ਬਜ਼ੁਰਗਾਂ ਦੀ ਘਰ ਵਾਪਸੀ ਸਮਝੌਤਾ ਕਰਵਾ ਕੇ ਵੀ ਕੀਤੀ ਹੈ। ਇਸ ਮੌਕੇ ਤੇ ਜਿਲਾ ਸਮਾਜਿਕ ਸੁਰੱਖਿਆ ਅਫ਼ਸਰ ਸਰਦਾਰ ਅਸ਼ੀਸ਼ਇੰਦਰਜੀਤ ਸਿੰਘ ਹੋਣਾਂ ਨੇ ਆ ਕੇ ਬਜ਼ੁਰਗਾਂ ਨਾਲ ਦੁੱਖ ਸਾਂਝੇ ਕੀਤੇ। ਉਹਨਾਂ ਦਾ ਹਾਲ ਚਾਲ ਜਾਣਿਆਂ। ਅਤੇ ਉਹਨਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ। ਉਹਨਾਂ ਨੇ ਬਜ਼ੁਰਗਾਂ ਨੂੰ ਯਕੀਨ ਦਲਾਂਉਦੇ ਹੋਏ ਕਿਹਾ ਕਿ ਮੈਂ ਤੁਹਾਡਾ ਹੀ ਪੁੱਤਰ ਹਾਂ ਮੇਰਾ ਨਿਜੀ ਫਰਜ਼ ਬਣਦਾ ਹੈ । ਕਿ ਮੈਂ ਆਪ ਦੀਆਂ ਕਹਿਆ ਹੋਈਆਂ ਸਾਰੀਆਂ ਗੱਲਾਂ ਤੇ ਨਜ਼ਰ ਕਰਾਂ ਅਤੇ ਜਿੰਨੀ ਹੋ ਸਕੇ ਆਪਣੇ ਵੱਲੋਂ ਜਰੂਰ ਮਦਦ ਕਰਾਂ। ਸਾਰੀ ਗੱਲਬਾਤ ਸੁਣਨ ਤੋਂ ਬਾਅਦ ਉਹਨਾਂ ਨੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਕਿ ਮੈਨੂੰ ਇੱਥੋਂ ਦਾ ਮਾਹੌਲ ਬਹੁਤ ਵਧੀਆ ਲੱਗਿਆ ਹੈ। ਅਗਰ ਤੁਹਾਨੂੰ ਵੀ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਆਉਂਦੀ ਹੈ ਤਾਂ ਤੁਸੀਂ ਮੈਨੂੰ ਦੱਸ ਸਕਦੇ ਹੋ ਮੈਂ ਜਿੱਥੋਂ ਤੱਕ ਹੋਏਗਾ ਇਹਨਾਂ ਬਜ਼ੁਰਗਾਂ ਦੇ ਲਈ ਤੁਹਾਡੀ ਜਰੂਰ ਸਹਾਇਤਾ ਕਰਾਂਗਾ । ਸਾਰੀ ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਜੀ ਅਤੇ ਸਮੂਹ ਮੈਨੇਜਮੈਂਟ ਨੇ ਆਏ ਹੋਏ ਮਹਿਮਾਨ ਸਰਦਾਰ ਆਸ਼ੀਸ਼ ਇੰਦਰ ਸਿੰਘ ਹੋਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ । ਇਸ ਮੌਕੇ ਤੇ ਆਸਰਮ ਚੇਅਰ ਪਰਸਨ ਮੈਡਮ ਰੀਨਾ ਸਰਮਾਲ, ਕੋਆਰਡੀਨੇਟਰ ਮੈਡਮ ਇੰਦਰਜੀਤ ਕੌਰ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਤੇ ਆਸ਼ਰਮ ਸਮੂਹ ਸਟਾਫ ਪ੍ਰੀਆ ਚੰਨਦੇਵ ,ਸਵਿਤਾ, ਸੁਰਜੀਤ ਕੌਰ ਵਿਜੈ ਕੁਮਾਰੀ ,ਜਸਵੀਰ ਕੌਰ ,ਆਸ਼ਾ ਰਾਣੀ, ਵਿਪਨ ਕੁਮਾਰ ,ਰਮੇਸ਼ ਚੰਦਰ, ਆਦਿ ਮੌਜੂਦ ਸਨ।

# ਦਾਨਵੀਰ ਫਾਊਂਡੇਸ਼ਨ ਖਰੜ ਵੱਲੋਂ ਖੂਨਦਾਨ ਅਤੇ ਮੈਡੀਕਲ ਚੈੱਕਅਪ 13 ਦਸੰਬਰ ਨੂੰ

ਖਰੜ, 11 ਦਸੰਬਰ (ਆਵਾਜ਼ਿ ਕੌਮ ਬਿਊਰੋ) - ਦਾਨਵੀਰ ਫਾਊਂਡੇਸ਼ਨ (ਐਨ. ਜੀ.ਓ) ਵੱਲੋਂ 13 ਦਸੰਬਰ ਨੂੰ ਟੈਗੋਰ ਨਿਕੇਤਨ ਮਾਡਲ ਹਾਈ ਸਕੂਲ ਖਰੜ ਵਿਖੇ ਖੂਨਦਾਨ ਅਤੇ ਫਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਤਰਨਦੀਪ ਸ਼ਰਮਾ ਤੇ ਪ੍ਰਿੰਸੀਪਲ ਜਤਿੰਦਰ ਕੁਮਾਰ ਗੁਪਤਾ ਨੇ ਕਿਹਾ ਕਿ ਖੂਨਦਾਨ ਸਭ ਤੋਂ ਉੱਚੀ ਮਨੁੱਖੀ ਸੇਵਾ ਹੈ ਅਤੇ ਇਸ ਤਰ੍ਹਾਂ ਦੇ ਕੈਂਪ ਸਮਾਜ ਵਿੱਚ ਸੇਵਾ ਭਾਵਨਾ ਨੂੰ ਵਧਾਉਂਦੇ ਹਨ। ਉਹਨਾਂ ਕਿਹਾ ਕਿ ਖੂਨਦਾਨ ਕੈਂਪ ਦੇ ਨਾਲ ਚੈੱਕ ਅੱਪ ਕੈੱਪ ਵੀ ਲਗਾਇਆ ਜਾਵੇਗਾ ।ਇਸ ਮੌਕੇ ਅਨਮੋਲ ਸ਼ਰਮਾ,ਅੰਕਿਤ ਗੋਇਲ,ਅਕਾਸ਼ ਮਿੱਤਲ,ਡਾ ਸੁਰਿੰਦਰ ਰਾਣਾ, ਸੰਯਮ ਜੈਨ,ਕੁਨਾਲ ਰਿੱਖੀ,ਰਜਤ ਸੱਚਦੇਵਾ,ਪਰਦੀਪ ਬੰਟੀ, ਹਨੀਤ ਗੁਪਤਾ, ਨੰਦਨ ਸ਼ਰਮਾ ਅਤੇ ਵਰਿੰਦਰ ਭਿੰਦੀ ਤੇ ਸਮੂਹ ਕਲੱਬ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243